ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/19489582124531/

https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 11 ਅਕਤੂਬਰ 2024 (ਨਾਨਕਸ਼ਾਹੀ ਸੰਮਤ : ੫੫੬, ੨੬ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News

## ਬੰਦ ਹੋਏ ਸ੍ਰੀ ਹੇਮਕੁੰਟ ਸਾਹਿਬ ਦੇ ਕਿਵਾੜ

**ਰਿਸ਼ੀਕੇਸ਼, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਉਤਰਾਖੰਡ ਦੇ ਉੱਚ ਗੜ੍ਹਵਾਲ ਖੇਤਰ 'ਚ ਸਥਿਤ ਸਿੱਖ ਤੀਰਥ ਅਸਥਾਨ ਸ੍ਰੀ ਹੇਮਕੁੰਟ ਸਾਹਿਬ ਦੇ ਕਿਵਾੜ ਸਰਦੀਆਂ ਦੇ ਮੌਸਮ ਲਈ ਵੀਰਵਾਰ ਨੂੰ ਕੀਰਤਨ ਨਾਲ ਸਰਦ ਰੁੱਤ ਬੰਦ ਹੋ ਗਏ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਇਸ ਮੌਕੇ ਚਮੋਲੀ ਜ਼ਿਲ੍ਹੇ 'ਚ ਪਹਾੜ ਦੀ ਚੋਟੀ 'ਤੇ ਸਥਿਤ ਸ੍ਰੀ ਹੇਮਕੁੰਟ ਸਾਹਿਬ ਵਿਖੇ ਅੰਤਿਮ ਅਰਦਾਸ 'ਚ ਢਾਈ ਹਜ਼ਾਰ ਤੋਂ ਵੱਧ ਸੰਗਤ ਨੇ ਸ਼ਮੂਲੀਅਤ ਕੀਤੀ। ਸ੍ਰੀ ਹੇਮਕੁੰਟ ਸਾਹਿਬ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਨਰਿੰਦਰਜੀਤ ਸਿੰਘ ਬਿੰਦਰਾ ਅਤੇ ਕਮੇਟੀ ਦੇ ਹੋਰ ਅਧਿਕਾਰੀ ਅਤੇ ਸਥਾਨਕ ਪ੍ਰਸ਼ਾਸਨ ਦੇ ਲੋਕ ਵੀ ਮੌਜੂਦ ਸਨ। ਕਿਵਾੜ ਬੰਦ ਹੋਣ ਤੋਂ ਬਾਅਦ ਸ਼ਰਧਾਲੂਆਂ ਦੇ ਸਮੂਹ ਭਜਨ ਅਤੇ ਕੀਰਤਨ ਗਾਇਨ ਕਰਦੇ ਹੋਏ ਵਾਪਸ ਘੰਗਰੀਆ ਅਤੇ ਗੋਵਿੰਦਘਾਟ ਵੱਲ ਚਲੇ ਗਏ। ਹੇਮਕੁੰਟ ਸਾਹਿਬ ਟਰੱਸਟ ਦੇ ਮੈਨੇਜਰ ਸਰਦਾਰ ਸੇਵਾ ਸਿੰਘ ਨੇ ਦੱਸਿਆ ਕਿ ਵੀਰਵਾਰ ਨੂੰ ਸੁਹਾਵਣੇ ਮੌਸਮ ਦੌਰਾਨ ਗੁਰਦੁਆਰੇ ਦੇ ਕਿਵਾੜ ਬੰਦ ਕਰ ਦਿੱਤੇ ਗਏ ਸਨ। ਯਾਤਰਾ ਪ੍ਰਸ਼ਾਸਨ ਅਤੇ ਸਥਾਨਕ ਲੋਕਾਂ ਦੇ ਸਹਿਯੋਗ ਨਾਲ ਸੰਗਠਿਤ ਢੰਗ ਨਾਲ ਨੇਪਰੇ ਚੜ੍ਹੀ। ਨਰਿੰਦਰ ਸਿੰਘ ਨੇ ਦੱਸਿਆ ਕਿ ਲਗਭਗ 80 ਫੀਸਦੀ ਸ਼ਰਧਾਲੂ ਵੀਰਵਾਰ ਨੂੰ ਗੋਵਿੰਦਘਾਟ ਪਹੁੰਚਣਗੇ ਅਤੇ ਬਾਕੀ ਸ਼ਰਧਾਲੂ ਸ਼ੁੱਕਰਵਾਰ ਨੂੰ ਉਥੇ ਪਹੁੰਚਣਗੇ। ਚਮੋਲੀ ਦੇ ਜ਼ਿਲ੍ਹਾ ਮੈਜਿਸਟਰੇਟ ਸੰਦੀਪ ਤਿਵਾੜੀ ਨੇ ਦੱਸਿਆ ਕਿ ਇਸ ਸਾਲ 1,83,722 ਸ਼ਰਧਾਲੂ ਹੇਮਕੁੰਟ ਸਾਹਿਬ ਦੇ ਦਰਸ਼ਨਾਂ ਲਈ ਪੁੱਜੇ ਸਨ ਜਦੋਂਕਿ ਪਿਛਲੇ ਸਾਲ ਕੁੱਲ 1,77,463 ਸ਼ਰਧਾਲੂ ਪਹੁੰਚੇ ਸਨ।

### ਸਿੱਖ ਮਰਿਆਦਾ ਤਹਿਤ ਅਰਦਾਸ ਤੋਂ ਬਾਅਦ

# ਪੰਜ ਤੱਤਾਂ 'ਚ ਵਲੀਨ ਹੋਏ ਰਤਨ ਟਾਟਾ

**ਮੁੰਬਈ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਭਾਰਤ ਦੇ ਉੱਘੇ ਕਾਰੋਬਾਰੀ ਰਤਨ ਟਾਟਾ ਦਾ ਮੁੰਬਈ ਦੇ ਬ੍ਰੀਚ ਕੈਂਡੀ ਹਸਪਤਾਲ ਵਿੱਚ 86 ਸਾਲ ਦੀ ਉਮਰ ਵਿੱਚ ਦਿਹਾਂਤ ਹੋ ਗਿਆ ਸੀ। ਅੱਜ ਉਨ੍ਹਾਂ ਦਾ ਸਰਕਾਰੀ ਸਨਮਾਨਾਂ ਨਾਲ ਅੰਤਿਮ ਸੰਸਕਾਰ ਕਰ ਦਿੱਤਾ ਗਿਆ ਹੈ। ਉਨ੍ਹਾਂ ਨੂੰ ਸੁਨਹਿਰੀ ਅੱਖਰਾਂ ਵਿਚ ਹਮੇਸ਼ਾ ਯਾਦ ਰੱਖਿਆ ਜਾਵੇਗਾ।





ਉਨ੍ਹਾਂ ਦੀ ਮ੍ਰਿਤਕ ਦੇਹ ਨੂੰ ਸਿੱਖ ਮਰਿਆਦਾ ਤਹਿਤ ਅਰਦਾਸ ਤੋਂ ਬਾਅਦ ਐਨ. ਸੀ. ਪੀ. ਏ. ਤੋਂ ਵਰਲੀ ਸ਼ਮਸ਼ਾਨਘਾਟ ਲਿਜਾਇਆ ਗਿਆ ਹੈ। ਜਿਸ ਤੋਂ ਬਾਅਦ ਰਤਨ ਟਾਟਾ ਦਾ ਅੰਤ੍ਰਿਮ ਸੰਸਕਾਰ ਕਰ ਦਿੱਤਾ ਗਿਆ ਹੈ। ਉਨ੍ਹਾਂ ਦੇ ਯੋਗਦਾਨ ਅਤੇ ਪ੍ਰਾਪਤੀਆਂ ਲਈ ਉਸਨੂੰ ਭਾਰਤ ਦੇ ਸਰਵਉੱਚ ਨਾਗਰਿਕ ਪੁਰਸਕਾਰਾਂ, ਪਦਮ ਭੂਸ਼ਣ (2000) ਅਤੇ ਪਦਮ ਵਿਭੂਸ਼ਣ (2008) ਨਾਲ ਸਨਮਾਨਿਤ ਕੀਤਾ ਗਿਆ। ਰਤਨ ਟਾਟਾ ਪਾਰਸੀ ਭਾਈਚਾਰੇ ਨਾਲ ਸਬੰਧਤ ਸਨ ਅਤੇ ਉਨ੍ਹਾਂ ਦਾ ਅੰਤਿਮ ਸੰਸਕਾਰ ਪਾਰਸੀ ਪਰੰਪਰਾ ਅਨੁਸਾਰ ਕੀਤਾ ਜਾਵੇਗਾ। ਫਿਲਹਾਲ ਰਤਨ ਟਾਟਾ ਦੀ ਮ੍ਰਿਤਕ ਦੇਹ ਨੂੰ ਐਨਸੀਪੀਏ ਲਾਅ ਵਿੱਚ ਅੰਤਿਮ ਦਰਸ਼ਨਾਂ ਲਈ ਰੱਖਿਆ ਗਿਆ ਹੈ।

**ਮਹਾਰਾਸ਼ਟਰ ਵਿੱਚ ਇੱਕ ਦਿਨ ਦਾ ਸਰਕਾਰੀ ਸੋਗ :** ਰਤਨ ਟਾਟਾ ਦੇ ਦਿਹਾਂਤ 'ਤੇ ਮਹਾਰਾਸ਼ਟਰ ਸਰਕਾਰ ਨੇ ਸੂਬੇ 'ਚ ਇਕ ਦਿਨ ਦੇ ਸਰਕਾਰੀ ਸੋਗ ਦਾ ਐਲਾਨ ਕੀਤਾ ਹੈ। ਇਸ ਦੌਰਾਨ ਸੂਬੇ ਦੇ ਸਰਕਾਰੀ ਦਫਤਰਾਂ 'ਚ ਤਿਰੰਗਾ ਅੱਧਾ ਝੁਕਿਆ ਰਹੇਗਾ। ਮਹਾਰਾਸ਼ਟਰ ਵਿੱਚ ਕੋਈ ਮਨੋਰੰਜਨ ਪ੍ਰੋਗਰਾਮ ਨਹੀਂ ਆਯੋਜਿਤ ਕੀਤਾ ਜਾਵੇਗਾ।

ਪ੍ਰਾਰਥਨਾ ਸਭਾ ਦੀ ਵੀਡੀਓ ਦੇਖ ਕੇ ਕਈ ਲੋਕਾਂ ਨੇ ਆਪਣੀਆਂ ਭਾਵਨਾਵਾਂ ਦਾ ਪ੍ਰਗਟਾਵਾ ਕੀਤਾ। ਇੱਕ ਵਿਅਕਤੀ ਨੇ ਕਿਹਾ, "ਅਸੀਂ ਇੱਕ ਹੀਰਾ ਗੁਆ ਦਿੱਤਾ ਹੈ।" ਜਦੋਂ ਕਿ ਇੱਕ ਹੋਰ ਨੇ ਲਿਖਿਆ, "ਅਜਿਹਾ ਲਗਦਾ ਹੈ ਇੱਕ ਨਿੱਜੀ ਘਾਟਾ ਹੋਇਆ ਹੈ।" ਕਈ ਲੋਕਾਂ ਨੇ ਇਹ ਵੀ ਕਿਹਾ ਕਿ ਰਤਨ ਟਾਟਾ ਨੇ ਸਾਰਿਆਂ ਨੂੰ ਇਕੱਠੇ ਲਿਆਉਣ ਦਾ ਕੰਮ ਕੀਤਾ ਅਤੇ ਉਨ੍ਹਾਂ ਦੀ ਆਤਮਾ ਨੂੰ ਸ਼ਾਂਤੀ ਮਿਲੇ। ਰਤਨ ਟਾਟਾ ਦਾ ਦਿਹਾਂਤ ਸਿਰਫ਼ ਇੱਕ ਉਦਯੋਗਪਤੀ ਦਾ ਹੀ ਨਹੀਂ, ਸਗੋਂ ਇੱਕ ਅਜਿਹੇ ਵਿਅਕਤੀ ਦਾ ਹੈ, ਜਿਸ ਨੇ ਸਮਾਜ ਦੇ ਵੱਖ-ਵੱਖ ਵਰਗਾਂ ਨੂੰ ਇਕੱਠੇ ਕਰਨ ਦੀ ਕੋਸ਼ਿਸ਼ ਕੀਤੀ। ਉਸ ਦੀ ਵਿਰਾਸਤ ਸਦਾ ਕਾਇਮ ਰਹੇਗੀ।

## ਜੱਜ ਦੇ ਗੰਨਮੈਨ ਨੇ ਗੁਆਂਢੀ ਪਿਓ-ਪੁੱਤਰ 'ਤੇ ਵਰ੍ਹਾਈਆਂ ਗੋਲ਼ੀਆਂ, ਹਮਲੇ ਵਿੱਚ ਦੋਵੇਂ ਜ਼ਖ਼ਮੀ

**ਮਾਛੀਵਾੜਾ ਸਾਹਿਬ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਮਾਛੀਵਾੜਾ ਸਾਹਿਬ ਦੇ ਥਾਣਾ ਕੂੰਮਕਲਾਂ ਅਧੀਨ ਪੈਂਦੇ ਪਿੰਡ ਪੰਜੇਟਾ ਵਿਖੇ ਜੱਜ ਦੇ ਗਨਮੈਨ ਨੇ ਆਪਣੇ ਗੁਆਂਢ ਵਿੱਚ ਰਹਿੰਦੇ ਪਿਓ ਜਗਦੀਪ ਸਿੰਘ ਤੇ ਉਸਦੇ ਪੁੱਤਰ ਰਮਨਪ੍ਰੀਤ ਸਿੰਘ 'ਤੇ ਗੋਲੀਆਂ ਚਲਾ ਦਿੱਤੀਆਂ ਜਿਸ ਵਿਚ ਉਹ ਦੋਵੇਂ ਜਖ਼ਮੀ ਹੋ ਗਏ। ਸਮਰਾਲਾ ਹਸਪਤਾਲ ਵਿਖੇ ਇਲਾਜ ਅਧੀਨ ਹਨ ਅਤੇ ਪੁਲਿਸ ਨੂੰ ਇਸ ਦੀ ਸੂਚਨਾ ਦਿੱਤੀ ਗਈ ਹੈ ਜ਼ਖ਼ਮੀ ਰਮਨਪ੍ਰੀਤ ਸਿੰਘ ਨੇ ਦੱਸਿਆ ਕਿ ਉਹ ਆਪਣੇ ਇੱਕ ਦੋਸਤ ਨਾਲ ਖੇਤਾਂ ਤੋਂ ਵਾਪਸ ਪਿੰਡ ਪਰਤ ਰਿਹਾ ਸੀ ਕਿ ਉਨ੍ਹਾਂ ਦੇ ਗੁਆਂਢ ਵਿੱਚ ਰਹਿੰਦੇ ਜੱਜ ਦੇ ਗੰਨਮੈਨ ਪਵਿੱਤਰ ਸਿੰਘ ਨੇ ਸਾਨੂੰ ਕਾਰ ਨਾਲ ਟੱਕਰ ਮਾਰੀ ਅਤੇ ਉਹ ਖੇਤਾਂ ਵਿਚ ਜਾ ਡਿੱਗੇ। ਜਦੋਂ ਉਹ ਉੱਠੇ ਤਾਂ ਗਨਮੈਨ ਪਵਿੱਤਰ ਸਿੰਘ ਨੇ ਉਨ੍ਹਾਂ 'ਤੇ ਗੋਲੀ ਚਲਾ ਦਿੱਤੀ ਅਤੇ ਲਗਾਤਾਰ 2 ਫਾਇਰ ਕੀਤੇ। ਇਸ ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਪਵਿੱਤਰ ਸਿੰਘ ਉੱਥੋਂ ਚਲਾ ਗਿਆ ਤੇ ਅਸੀਂ ਭੱਜ ਕੇ ਆਪਣੀ ਖੇਤਾਂ ਵਾਲੀ ਮੋਟਰ 'ਤੇ ਆ ਗਏ। ਖੇਤਾਂ ਵਾਲੀ ਮੋਟਰ 'ਤੇ ਆ ਕੇ ਆਪਣੇ ਪਿਤਾ ਨੂੰ ਦੱਸਿਆ ਕਿ ਉਸਦੇ ਗੋਲੀ ਲੱਗੀ ਹੈ ਜਿਸ 'ਤੇ ਉਹ ਮੋਟਰਸਾਈਕਲ 'ਤੇ ਸਵਾਰ ਹੋ ਕੇ ਹਸਪਤਾਲ ਰਵਾਨਾ ਹੋ ਗਏ। ਰਮਨਪ੍ਰੀਤ ਸਿੰਘ ਨੇ ਦੱਸਿਆ ਕਿ ਰਸਤੇ ਵਿੱਚ ਫਿਰ ਪੁਲਿਸ ਕਰਮਚਾਰੀ ਨੇ ਉਨ੍ਹਾਂ ਵਿਚ ਲਿਆ ਕੇ ਗੱਡੀ ਮਾਰੀ ਤੇ ਉਨ੍ਹਾਂ 'ਤੇ ਫਿਰ ਇੱਕ ਗੋਲੀ ਚਲਾਈ। ਇੱਥੇ ਉਸ ਨਾਲ ਸਾਡੀ ਕਾਫੀ ਝਗੜਾ ਹੋਇਆ ਤੇ ਮੈਂ ਉਸ ਤੋਂ ਰਿਵਾਲਵਰ ਖੋਹਣ ਦੀ ਕੋਸ਼ਿਸ਼ ਤਾਂ ਜੋ ਉਹ ਦੁਬਾਰਾ ਗੋਲੀ ਨਾ ਚਲਾ ਸਕੇ ਪਰ ਇਸ ਦੌਰਾਨ ਪਿੰਡ ਵਾਸੀ ਇਕੱਠੇ ਹੋ ਗਏ। ਹਸਪਤਾਲ ਵਿਚ ਇਲਾਜ ਅਧੀਨ ਰਮਨਪ੍ਰੀਤ ਸਿੰਘ ਦੇ ਪਿਤਾ ਜਗਦੀਪ ਸਿੰਘ ਨੇ ਦੱਸਿਆ ਕਿ ਜਦੋਂ ਉਹ ਆਪਣੇ ਜਖ਼ਮੀ ਹੋਏ ਪੁੱਤਰ ਨੂੰ ਇਲਾਜ ਲਈ ਹਸਪਤਾਲ ਲਿਜਾ ਰਿਹਾ ਸੀ ਤਾਂ ਰਸਤੇ ਵਿੱਚ ਘੇਰ ਕੇ ਪੁਲਿਸ ਕਰਮਚਾਰੀ ਪਵਿੱਤਰ ਸਿੰਘ ਨੇ ਮੇਰੇ 'ਤੇ ਰਿਵਾਲਵਰ ਦੇ ਬੱਟ ਨਾਲ ਸਿਰ 'ਤੇ ਸੱਟ ਮਾਰੀ ਜਿਸ ਕਾਰਨ ਉਸਦੇ ਟਾਂਕੇ ਲੱਗੇ। ਜਗਦੀਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਪਰਿਵਾਰ ਦੀ ਗੁਆਂਢ 'ਚ ਰਹਿੰਦੇ ਪਵਿੱਤਰ ਸਿੰਘ ਨਾਲ ਕੋਈ ਵੀ ਰੰਜਿਸ਼ ਨਹੀਂ ਹੈ, ਉਸਨੇ ਸਾਡੇ 'ਤੇ ਜਾਨਲੇਵਾ ਹਮਲਾ ਕਿਉਂ ਕੀਤਾ ਇਸ ਬਾਰੇ ਤਾਂ ਓਹੀ ਦੱਸ ਸਕਦਾ ਹੈ। ਜ਼ਖ਼ਮੀ ਹੋਏ ਪਿਓ-ਪੁੱਤਰ ਨੇ ਪੁਲਿਸ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਸਰਕਾਰੀ ਰਿਵਾਲਵਰ ਨਾਲ ਉਨ੍ਹਾਂ 'ਤੇ ਹਮਲਾ ਕਰਨ ਵਾਲੇ ਪੁਲਿਸ ਕਰਮਚਾਰੀ ਖਿਲਾਫ਼ ਸਖਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ। ਥਾਣਾ ਕੂੰਮਕਲਾ ਮੁਖੀ ਜਗਦੀਪ ਸਿੰਘ ਨੇ ਦੱਸਿਆ ਸਾਨੂੰ ਕੰਟਰੋਲ ਰੂਮ ਤੇ ਸੂਚਨਾ ਮਿਲੀ ਸੀ ਕਿ ਪਿੰਡ ਪਜੇਟਾ ਵਿਖੇ ਫਾਇਰਿੰਗ ਹੋਈ ਹੈ ਜਿਨਾਂ ਤੇ ਫਾਇਰਿੰਗ ਹੋਈ ਹੈ ਸਮਰਾਲਾ ਦੇ ਹਸਪਤਾਲ ਵਿੱਚ ਦਾਖਲ ਹਨ। ਜ਼ਖ਼ਮੀ ਰਮਨਪ੍ਰੀਤ ਸਿੰਘ ਦੇ ਬਿਆਨਾਂ ਤੇ ਪਰਚਾ ਦਰਜ ਕੀਤਾ ਗਿਆ ਹੈ। ਫਾਇਰਿੰਗ ਕਰਨ ਵਾਲਾ ਵਿਅਕਤੀ ਪੰਜਾਬ ਪੁਲਿਸ 'ਚ ਸਿਪਾਹੀ ਹੈ ਜਿਸ ਦਾ ਨਾਮ ਪਵਿੱਤਰ ਸਿੰਘ ਹੈ ਪੰਜੇਟਾਂ ਪਿੰਡ ਦਾ ਰਹਿਣ ਵਾਲਾ ਹੈ ਅਤੇ ਉਹ ਸਮਰਾਲਾ ਵਿਖੇ ਜੱਜ ਦੀ ਸਿਕਿਉਰਟੀ ਵਿੱਚ ਤੈਨਾਤ ਹੈ। ਡਾਕਟਰ ਨਵਦੀਪ ਸਿੰਘ ਨੇ ਦੱਸਿਆ ਕਿ ਦੇਰ ਰਾਤੀ ਦੋ ਵਿਅਕਤੀਆਂ ਨੂੰ ਸਮਰਾਲਾ ਦੇ ਹਸਪਤਾਲ ਵਿੱਚ ਲਿਆਂਦਾ ਗਿਆ ਦੋਨੋਂ ਪਿਓ ਪੁੱਤ ਹਨ ਜੋ ਕਿ ਪੰਜੇਟਾ ਪਿੰਡ ਦੇ ਰਹਿਣ ਵਾਲੇ ਹਨ ਪੁੱਤ ਦੇ ਸਿਰ 'ਤੇ ਗੋਲੀ ਲੱਗੀ ਹੈ ਖ਼ਤਰੇ ਤੋਂ ਬਾਹਰ ਹੈ ਤੇ ਸਿਟੀ ਸਕੈਨ ਲਈ ਅਸੀਂ ਉਹਨੂੰ ਭੇਜ ਰਹੇ ਹਾਂ ਪਿਓ ਦੇ ਸਿਰ ਦੇ ਉੱਪਰ ਵੀ ਕਾਫੀ ਸੱਟਾਂ ਹਨ ਅਤੇ ਉਸ ਦੇ ਟਾਂਕੇ ਵੀ ਲੱਗੇ ਹਨ।

## ਕੁੱਲ੍ਹੜ ਪਿੱਜ਼ਾ ਕੱਪਲ ਦਾ ਨਿਹੰਗ ਸਿੰਘਾਂ ਨਾਲ ਪਿਆ ਰੌਲਾ



**ਜਲੰਧਰ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਕੁੱਲ੍ਹੜ ਪਿੱਜ਼ਾ ਕੱਪਲ ਇਕ ਵਾਰ ਫਿਰ ਵਿਵਾਦਾਂ 'ਚ ਆ ਗਿਆ ਹੈ। ਇਸ ਦੇ ਨਾਲ ਹੀ ਬੁੱਢਾ ਦਲ ਦੇ ਨਿਹੰਗ ਸਿੰਘ ਵੱਡੀ ਗਿਣਤੀ 'ਚ ਕੁੱਲ੍ਹੜ ਪਿੱਜ਼ਾ ਜੋੜੇ ਦੀ ਦੁਕਾਨ 'ਤੇ ਪੁੱਜੇ, ਜਿੱਥੇ ਉਨ੍ਹਾਂ ਨੇ ਭਾਰੀ ਹੰਗਾਮਾ ਕੀਤਾ। ਘਟਨਾ ਦੀ ਸੂਚਨਾ ਮਿਲਦੇ ਹੀ ਥਾਣਾ 4 ਦੀ ਪੁਲਸ ਮੌਕੇ 'ਤੇ ਪਹੁੰਚ ਗਈ। ਇਸ ਦੌਰਾਨ ਨਿਹੰਗ ਸਿੰਘਾਂ ਵੱਲੋਂ ਮੰਗ ਕੀਤੀ ਜਾ ਰਹੀ ਹੈ ਕਿ ਕੁੱਲ੍ਹੜ ਪਿੱਜ਼ਾ ਜੋੜੇ ਵੱਲੋਂ ਵਾਇਰਲ ਕੀਤੀ ਗਈ ਅਸ਼ਲੀਲ ਵੀਡੀਓ ਦਾ ਬੱਚਿਆਂ 'ਤੇ ਮਾੜਾ ਅਸਰ ਪੈ ਰਿਹਾ ਹੈ। ਵੀਡੀਓਜ਼ ਪਾਉਣ ਨੂੰ ਲੈ ਕੇ ਨਿਹੰਗਾਂ ਨੇ ਕੁੱਲ੍ਹੜ ਪਿੱਜ਼ਾ ਕੱਪਲ ਨੂੰ ਧਮਕੀ ਦਿੰਦੇ ਹੋਏ ਕਿਹਾ ਜੇਕਰ ਵੀਡੀਓ ਪਾਉਣੀ ਹੈ ਤਾਂ ਸਹਿਜ ਅਰੋੜਾ ਪੱਗ ਲਾਹ ਕੇ ਰੱਖੇ। ਸਾਡੇ ਕੋਲੋਂ ਕੌਮ ਦੀ ਬਦਨਾਮੀ ਨਹੀਂ ਵੇਖੀ ਜਾਂਦੀ। ਸਹਿਜ ਅਰੋੜਾ ਨਹੀਂ ਮੰਨੇਗਾ ਤਾਂ ਨਤੀਜੇ ਭੁਗਤੇਗਾ। ਉਨ੍ਹਾਂ ਸ਼ਰੇਆਮ ਧਮਕੀ ਦਿੰਦੇ ਕਿਹਾ ਕਿ ਤਿੰਨ ਦਿਨ ਬਾਅਦ ਉਹ ਫਿਰ ਆਉਣਗੇ ਅਤੇ ਉਸ ਦਿਨ ਕੁਝ ਵੱਡਾ ਹੋਵੇਗਾ। ਉਨ੍ਹਾਂ ਨੇ ਉਕਤ ਕੱਪਲ ਨੂੰ ਅਜਿਹੀ ਵੀਡੀਓ ਵਾਇਰਲ ਕਰਨ ਤੋਂ ਗੁਰੇਜ਼ ਕਰਨ ਦੀ ਅਪੀਲ ਕੀਤੀ ਹੈ। ਉਥੇ ਹੀ ਇਸ ਮਾਮਲੇ ਵਿਚ ਹੁਣ ਤੱਕ ਕੁੱਲ੍ਹੜ ਪਿੱਜ਼ਾ ਖ਼ਿਲਾਫ਼ ਮਾਮਲਾ ਕਿਉਂ ਨਹੀਂ ਦਰਜ ਹੋਇਆ। ਇਸੇ ਗੱਲ ਨੂੰ ਲੈ ਕੇ ਨਿਹੰਗ ਸਿੰਘਾਂ ਵੱਲੋਂ ਹੰਗਾਮਾ ਕੀਤਾ ਜਾ ਰਿਹਾ ਹੈ। ਨਿਹੰਗ ਸਿੰਘਾਂ ਨੇ ਕਿਹਾ ਕਿ ਜੇਕਰ ਹੁਣ ਤੱਕ ਪੁਲਸ ਨੂੰ ਪਤਾ ਲੱਗ ਗਿਆ ਹੈ ਕਿ ਉਹ ਵੀਡੀਓ ਉਨ੍ਹਾਂ ਵੱਲੋਂ ਹੀ ਵਾਇਰਲ ਕੀਤੀ ਗਈ ਸੀ ਤਾਂ ਉਨ੍ਹਾਂ ਖ਼ਿਲਾਫ਼ ਕਾਰਵਾਈ ਕਿਉਂ ਨਹੀਂ ਕੀਤੀ ਗਈ। ਇਸ ਦੌਰਾਨ ਉਨ੍ਹਾਂ ਨੇ ਇਸ ਮਾਮਲੇ ਵਿਚ ਖ਼ੁਦ ਸ਼ਿਕਾਇਤ ਦੇ ਦੀ ਗੱਲ ਪੁਲਸ ਨੂੰ ਕਹੀ। ਇਸ ਦੌਰਾਨ ਉਨ੍ਹਾਂ ਕਿਹਾ ਕਿ ਕੁੱਲ੍ਹੜ ਪਿੱਜ਼ਾ ਕੱਪਲ ਹੁਣ ਆਪਣੇ ਬੱਚੇ ਨੂੰ ਵੀ ਵੀਡੀਓ ਵਿਚ ਲੈ ਕੇ ਵੀਡੀਓ ਬਣਾਉਣ ਲੱਗ ਗਿਆ ਹੈ। ਉਨ੍ਹਾਂ ਕਿਹਾ ਕਿ ਕੁੱਲ੍ਹੜ ਪਿੱਜ਼ਾ ਜੋੜੇ ਵੱਲੋਂ ਸਿੱਖਾਂ ਦਾ ਅਪਮਾਨ ਕੀਤਾ ਜਾ ਰਿਹਾ ਹੈ, ਜੋਕਿ ਨਿੰਦਣਯੋਗ ਹੈ। ਉਥੇ ਹੀ ਉਨ੍ਹਾਂ ਦੱਸਿਆ ਕਿ ਅੱਜ ਗੱਲਬਾਤ ਦੌਰਾਨ ਉਨ੍ਹਾਂ ਕੁੱਲ੍ਹੜ ਪਿੱਜ਼ਾ ਜੋੜੇ ਦੀ ਭੈਣ ਨਾਲ ਗੱਲ ਕੀਤੀ। ਇਸ ਦੌਰਾਨ ਔਰਤ ਵੱਲੋਂ ਉਨ੍ਹਾਂ ਨਾਲ ਗਲਤ ਵਤੀਰਾ ਕੀਤਾ ਗਿਆ, ਜਿਸ ਤੋਂ ਬਾਅਦ ਨਿਹੰਗ ਸਿੰਘ ਦੁਕਾਨ ਤੋਂ ਬਾਹਰ ਆ ਗਏ। ਇਸ ਦੌਰਾਨ ਕੁੱਲ੍ਹੜ ਪਿੱਜ਼ਾ ਜੋੜੇ ਦੀ ਦੁਕਾਨ ਦੇ ਬਾਹਰ ਭਾਰੀ ਹੰਗਾਮਾ ਹੋਇਆ।

## ਪੰਚਾਇਤੀ ਚੋਣਾਂ ਨੂੰ ਲੈ ਕੇ ਹਾਈਕੋਰਟ ਦਾ ਵੱਡਾ ਫ਼ੈਸਲਾ, ਤਿੰਨ ਜ਼ਿਲ੍ਹਿਆਂ ਦੀਆਂ ਕੁਝ ਪੰਚਾਇਤਾਂ 'ਚ ਨਹੀਂ ਪੈਣਗੀਆਂ ਵੋਟਾਂ, 100 ਪਟੀਸ਼ਨਾਂ 'ਤੇ ਕੱਲ ਹੋਵੇਗੀ ਸੁਣਵਾਈ

**ਚੰਡੀਗੜ੍ਹ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਪੰਚਾਇਤੀ ਚੋਣਾਂ ਨਾਲ ਸਬੰਧਤ ਕੇਸ ਦੀ ਸੁਣਵਾਈ ਕਰਦਿਆਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪਟਿਆਲਾ, ਮੋਗਾ ਤੇ ਤਰਨਤਾਰਨ ਦੀਆਂ ਕੁਝ ਪੰਚਾਇਤਾਂ ਦੀ ਚੋਣ ਪ੍ਰਕਿਰਿਆ 'ਤੇ ਰੋਕ ਲਾ ਦਿੱਤੀ ਹੈ। ਇਸ ਸਬੰਧੀ ਮੰਗਲਵਾਰ ਨੂੰ ਅਦਾਲਤ 'ਚ ਪਟੀਸ਼ਨ ਦਾਇਰ ਕੀਤੀ ਗਈ ਸੀ।




ਦੂਜੇ ਪਾਸੇ ਦਾਇਰ 100 ਤੋਂ ਵੱਧ ਪਟੀਸ਼ਨਾਂ 'ਤੇ ਸੁਣਵਾਈ ਮੁਲਤਵੀ ਕਰ ਦਿੱਤੀ ਗਈ ਹੈ। ਸੁਣਵਾਈ ਮੁਲਤਵੀ ਹੋਣ ਦਾ ਮੁੱਖ ਕਾਰਨ ਇਹ ਹੈ ਕਿ ਬੁੱਧਵਾਰ ਨੂੰ ਅਦਾਲਤ ਨੇ ਕਰੀਬ 250 ਪੰਚਾਇਤਾਂ ਦੀ ਚੋਣ ਪ੍ਰਕਿਰਿਆ 'ਤੇ ਰੋਕ ਲਗਾ ਦਿੱਤੀ ਸੀ ਪਰ ਅਜੇ ਤੱਕ ਇਸ ਸਬੰਧੀ ਵਿਸਥਾਰਤ ਹੁਕਮ ਜਾਰੀ ਨਹੀਂ ਕੀਤੇ ਗਏ ਹਨ। ਉਮੀਦ ਹੈ ਕਿ ਅੱਜ ਇਸ ਸਬੰਧੀ ਹੁਕਮ ਜਾਰੀ ਹੋ ਸਕਦੇ ਹਨ। ਜ਼ਿਆਦਾਤਰ ਪਟੀਸ਼ਨਾਂ ਸ਼੍ਰੋਮਣੀ ਅਕਾਲੀ ਦਲ, ਕਾਂਗਰਸ ਅਤੇ ਹੋਰਾਂ ਵੱਲੋਂ ਦਾਇਰ ਕੀਤੀਆਂ ਗਈਆਂ ਹਨ। ਪੰਜਾਬ ਵਿੱਚ 15 ਅਕਤੂਬਰ ਨੂੰ ਪੰਚਾਇਤੀ ਚੋਣਾਂ ਹੋਣੀਆਂ ਹਨ। ਇਸ ਵਾਰ ਪਾਰਟੀ ਚੋਣ ਨਿਸ਼ਾਨ 'ਤੇ ਵੀ ਚੋਣਾਂ ਨਹੀਂ ਹੋ ਰਹੀਆਂ ਪਰ ਇਸ ਦੇ ਬਾਵਜੂਦ ਵਿਰੋਧੀ ਪਾਰਟੀਆਂ ਦਾ ਦੋਸ਼ ਹੈ ਕਿ ਉਨ੍ਹਾਂ ਨਾਲ ਜੁੜੇ ਲੋਕਾਂ ਅਤੇ ਉਮੀਦਵਾਰਾਂ ਦੀਆਂ ਨਾਮਜ਼ਦਗੀਆਂ ਜ਼ਬਰਦਸਤੀ ਰੱਦ ਕੀਤੀਆਂ ਗਈਆਂ ਹਨ। ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ ਆਮ ਆਦਮੀ ਪਾਰਟੀ 'ਤੇ ਸਵਾਲ ਚੁੱਕ ਰਹੇ ਹਨ। ਮਾਮਲਾ ਚੋਣ ਕਮਿਸ਼ਨ ਕੋਲ ਵੀ ਪਹੁੰਚ ਗਿਆ ਹੈ। ਹਾਲਾਂਕਿ ਆਮ ਆਦਮੀ ਪਾਰਟੀ ਦਾ ਕਹਿਣਾ ਹੈ ਕਿ ਅਕਾਲੀ ਦਲ ਅਤੇ ਕਾਂਗਰਸ ਧੱਕਾ ਕਰ ਰਹੇ ਹਨ। ਇੱਥੋਂ ਤੱਕ ਕਿ ਸਾਡੇ ਵਰਕਰਾਂ ਦਾ ਕਤਲ ਵੀ ਕੀਤਾ ਗਿਆ ਹੈ।

**ਕਦੋਂ ਪੈਣਗੀਆਂ ਵੋਟਾਂ ?**

ਇਸ ਸਮੇਂ ਰਾਜ ਵਿੱਚ 13937 ਗ੍ਰਾਮ ਪੰਚਾਇਤਾਂ ਹਨ। ਇਨ੍ਹਾਂ ਵਿੱਚ ਚੋਣਾਂ ਹੋ ਰਹੀਆਂ ਹਨ। 15 ਅਕਤੂਬਰ ਨੂੰ ਹੋਣ ਵਾਲੀਆਂ ਚੋਣਾਂ ਵਿੱਚ ਕੁੱਲ 1 ਕਰੋੜ 33 ਲੱਖ ਵੋਟਰ ਆਪਣੀ ਵੋਟ ਪਾਉਣਗੇ। ਚੋਣਾਂ ਵਿੱਚ 96 ਹਜ਼ਾਰ ਮੁਲਾਜ਼ਮ ਤਾਇਨਾਤ ਕੀਤੇ ਗਏ ਹਨ। ਸਰਕਾਰ ਨੇ ਚੋਣਾਂ ਸ਼ਾਂਤੀਪੂਰਵਕ ਕਰਵਾਉਣ ਲਈ ਕਈ ਕਦਮ ਚੁੱਕੇ ਹਨ। ਚੋਣਾਂ ਤੱਕ ਸਾਰੇ ਪੁਲਿਸ ਮੁਲਾਜ਼ਮਾਂ ਤੇ ਅਧਿਕਾਰੀਆਂ ਦੀਆਂ ਛੁੱਟੀਆਂ ਰੱਦ ਕਰ ਦਿੱਤੀਆਂ ਗਈਆਂ ਹਨ। ਇਸ ਤੋਂ ਇਲਾਵਾ ਵੋਟਾਂ ਵਾਲੇ ਦਿਨ ਪੂਰੇ ਪੰਜਾਬ ਵਿੱਚ ਛੁੱਟੀ ਦਾ ਐਲਾਨ ਕੀਤਾ ਗਿਆ ਹੈ।

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਇ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ







ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




# ਸਿਵਲ ਸਰਜਨ ਦਫ਼ਤਰ 'ਚ ਤੈਨਾਤ ਮਹਿਲਾ ਕਰਮਚਾਰੀ ਨੂੰ ਸੱਪ ਨੇ ਡੰਗਿਆ

## ਦਫ਼ਤਰ ਚ ਸਰਕਾਰੀ ਗੱਡੀ ਦੀ ਸਹੂਲਤ ਨਾ ਹੋਣ ਤੇ ਪ੍ਰਾਈਵੇਟ ਗੱਡੀ ਚ ਪਹੁੰਚਾਇਆ ਹਸਪਤਾਲ



**ਚੌਂਕ ਮਹਿਤਾ, 10 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਵੀਰਵਾਰ ਦੁਪਹਿਰ ਡੇਢ ਦੋ ਵਜੇ ਦੇ ਦਰਮਿਆਨ ਸਿਹਤ ਵਿਭਾਗ ਦੇ ਜ਼ਿਲ੍ਹਾ ਪੱਧਰੀ ਦਫ਼ਤਰ ਸਿਵਲ ਸਰਜਨ ਅੰਮ੍ਰਿਤਸਰ ਵਿਖੇ ਗੁਰਪ੍ਰੀਤ ਕੌਰ ਨਾਮ ਦੀ ਮਹਿਲਾ ਕਰਮਚਾਰੀ ਜੋ ਕਿ ਐਨ ਐਚ ਐਮ ਅਧੀਨ ਸਰਵਿਸ ਕਰਦੀ ਹੈ, ਨੂੰ ਡਿਊਟੀ ਸਮੇਂ ਦੇ ਦੌਰਾਨ ਸੱਪ ਨੇ ਡੰਗ ਲਿਆ ਅਜੇ ਪਰਸੋਂ ਹੀ ਅੱਠ ਅਕਤੂਬਰ ਦੀਆਂ ਅਖ਼ਬਾਰਾਂ ਵਿੱਚ ਛਪੀਆਂ ਖ਼ਬਰਾਂ ਅਨੁਸਾਰ ਸਿਹਤ ਵਿਭਾਗ ਦੇ ਇਸ ਜ਼ਿਲ੍ਹਾ ਪੱਧਰ ਦੇ ਦਫ਼ਤਰ ਵਿੱਚ ਕੋਈ ਸੀਸੀ ਟੀ ਵੀ ਕੈਮਰਾ ਨਹੀਂ ਲੱਗਿਆ ਹੋਇਆ ਹੈ ਜਦਕਿ ਇਸ ਦਫ਼ਤਰ ਦੀ ਚਾਰਦੀਵਾਰੀ ਦੇ ਅੰਦਰ ਅੰਦਰ ਹੀ ਲੱਗਭਗ ਸੱਤ ਅੱਠ ਬਹੁਤ ਮਹੱਤਵਪੂਰਨ ਪੁਆਇੰਟ ਹਨ ਜਿਥੇ ਕਿ ਸੀ ਸੀ ਟੀ ਵੀ ਕੈਮਰੇ ਲੱਗਣੇ ਬਹੁਤ ਹੀ ਜ਼ਰੂਰੀ ਹਨ। ਇਸ ਬਾਰੇ ਪੱਤਰਕਾਰਾਂ ਵਲੋਂ ਸਿਵਲ ਸਰਜਨ ਅੰਮ੍ਰਿਤਸਰ ਡਾਕਟਰ ਕਿਰਨਦੀਪ ਕੌਰ ਨਾਲ ਮੋਬਾਇਲ ਫੋਨ ਤੇ ਗੱਲ ਬਾਤ ਵੀ ਕੀਤੀ ਸੀ ਦੁਪਹਿਰ ਵੇਲੇ ਜਦ ਮਹਿਲਾ ਕਰਮਚਾਰੀ ਨੂੰ ਸੱਪ ਨੇ ਡੰਗ ਲਿਆ ਸੀ ਤਾਂ ਇਸ ਦਫ਼ਤਰ ਦੇ ਪਾਸ ਸਰਕਾਰੀ ਐਂਬੂਲੈਂਸ ਜਾਂ ਸਰਕਾਰੀ ਗੱਡੀ ਤੱਕ ਨਹੀਂ ਸੀ। ਫਿਰ ਇਸ ਮਹਿਲਾ ਨੂੰ ਪ੍ਰਾਈਵੇਟ ਗੱਡੀ ਵਿੱਚ ਪਾ ਕੇ ਸਿਵਲ ਹਸਪਤਾਲ ਅੰਮ੍ਰਿਤਸਰ ਵਿਖੇ ਐਮਰਜੈਂਸੀ ਵਿੱਚ ਲਿਆਂਦਾ ਗਿਆ ਜਿਥੇ ਕਿ ਉਨ੍ਹਾਂ ਦਾ ਇਲਾਜ ਐਮਰਜੈਂਸੀ ਮੈਡੀਕਲ ਅਫ਼ਸਰ ਡਾਕਟਰ ਹਰਪ੍ਰੀਤ ਕੌਰ ਸੰਧੂ ਵੱਲੋਂ ਕੀਤਾ ਗਿਆ। ਸਮੇਂ ਸਿਰ ਐਂਟੀਡੋਜ ਮਿਲਣ ਕਾਰਨ ਮਹਿਲਾ ਕਰਮਚਾਰੀ ਦੀ ਹਾਲਤ ਖ਼ਤਰੇ ਤੋਂ ਬਾਹਰ ਦੱਸੀ ਗਈ ਹੈ। ਖ਼ਬਰ ਲਿਖੇ ਜਾਣ ਤੱਕ ਇਹ ਮਹਿਲਾ ਸਿਵਲ ਹਸਪਤਾਲ ਅੰਮ੍ਰਿਤਸਰ ਵਿਖੇ ਆਈ ਸੀ ਯੂ ਵਿੱਚ ਦਾਖ਼ਿਲ ਸੀ। ਦਫ਼ਤਰ ਸਿਵਲ ਸਰਜਨ ਅੰਮ੍ਰਿਤਸਰ ਵਿਖੇ ਸਫਾਈ ਦਾ ਬਹੁਤ ਹੀ ਬੁਰਾ ਹਾਲ ਹੈ। ਇਥੋਂ ਤੱਕ ਕਿ ਇਸ ਦਫ਼ਤਰ ਵਿਖੇ ਜੋ ਬਾਥਰੂਮ ਸਰਕਾਰੀ ਕਰਮਚਾਰੀਆਂ/ ਮਹਿਲਾ ਕਰਮਚਾਰੀਆ ਲਈ ਬਣੇ ਹੋਏ ਹਨ, ਉਨ੍ਹਾਂ ਦੇ ਕੋਲੋਂ ਲੰਘਿਆ ਨਹੀਂ ਜਾ ਸਕਦਾ ਹੈ। ਸਿਹਤ ਵਿਭਾਗ ਦੇ ਇਸ ਜ਼ਿਲ੍ਹਾ ਪੱਧਰ ਦੇ ਦਫ਼ਤਰ ਵਿਚ ਸਫ਼ਾਈ ਅਤੇ ਪੀਣ ਦੇ ਪਾਣੀ ਨੂੰ ਲੈ ਕੇ ਅਤੇ ਸੁਰੱਖਿਆ ਵਾਸਤੇ ਸੀ ਸੀ ਟੀ ਵੀ ਕੈਮਰਿਆਂ ਨੂੰ ਲੈ ਕੇ ਇਹ ਦਫ਼ਤਰ ਸਰਕਾਰ ਦੀ ਪੋਲ ਖੋਲ੍ਹ ਰਿਹਾ ਹੈ। ਇਸ ਬਾਰੇ ਸਾਡੇ ਪੱਤਰਕਾਰ ਨੇ ਸਿਹਤ ਮੰਤਰੀ ਡਾਕਟਰ ਬਲਬੀਰ ਸਿੰਘ ਨਾਲ ਫੋਨ ਤੇ ਗੱਲ ਬਾਤ ਕਰਨ ਦੀ ਕੋਸ਼ਿਸ਼ ਕੀਤੀ ਲੇਕਿਨ ਮੰਤਰੀ ਸਾਹਿਬ ਪਟਿਆਲਾ ਵਿਖੇ ਹੋ ਰਹੇ ਸਮਾਗਮ ਵਿੱਚ ਮਸ਼ਰੂਫ ਸਨ।




ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਧੰਨ-ਧੰਨ
ਮਾਤਾ ਸਾਹਿਬ ਕੌਰ ਜੀ
ਸੰਤ ਜਰਨੈਲ ਸਿੰਘ ਜੀ
ਖਾਲਸਾ
ਭਿੰਡਰਾਂ ਵਾਲੇ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ
ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ
ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ
ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote







KHALSA FORGE


Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









**www.khalsaforge.com**


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715 1-28621


DHAN DHAN SRI GURU NANAK DEV JI'S
PARKASH PURAB
SANDWELL
NAGAR
KIRTAN
ਨਗਰ ਕੀਰਤਨ
SUNDAY 3 NOV 2024
GURDWARA GURU HAR RAI SAHIB JI START 9.00AM
George Street, West Bromwich
GURU NANAK GURDWARA 11.00AM
Edward Street, West Bromwich
GURDWARA AMRIT PARCHAR DHARMIK DIWAN 1.00PM
Birmingham Road, Oldbury
GURDWARA GURU MANEYO GRANTH 2.00PM
Popes Lane, Oldbury
GURDWARA BABA SANG 3.15PM
St Paul's Road, Smethwick
GURU NANAK GURDWARA SMETHWICK 4.00pm FINISH
High Street, Smethwick
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਅਰੰਭਤਾ: ੯.੦੦ ਵਜੇ
ਜੋਰਜ ਸਟਰੀਟ ਵੈਸਟ ਬ੍ਰਮਵਿਚ
ਗੁਰੂ ਨਾਨਕ ਗੁਰਦੁਆਰਾ, ੧੧.੦੦ ਵਜੇ
ਏਡਵਰਡ ਸਟਰੀਟ ਵੈਸਟ ਬ੍ਰਮਵਿਚ
ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ ੧.੦੦ ਵਜੇ
ਬ੍ਰਮਿੰਘਮ ਰੋਡ, ਓਲਡਬਰੀ
ਗੁਰਦੁਆਰਾ ਗੁਰੂ ਮਾਨਯੋ ਗ੍ਰੰਥ ੨.੦੦ ਵਜੇ
ਪੋਪਸ ਲੇਨ, ਓਲਦਬਰੀ
ਗੁਰਦੁਆਰਾ ਬਾਬਾ ਸੰਗ ਜੀ ੩.੧੫ ਵਜੇ
ਸਟ. ਪੌਲਜ਼ ਰੋਡ, ਸਮੈਦਿਕ
ਗੁਰੂ ਨਾਨਕ ਗੁਰਦੁਆਰਾ ਸਮਾਪਤੀ: ੪.੦੦ ਵਜੇ
ਸਮੈਦਿਕ
ਆਵਾਜ਼ਿ ਕੌਮ AWAZE QAUM International Newspaper & WEB TV
GURU HAR RAI GURDWARA SAHIB - 0121 553 7219
GURU NANAK GURDWARA SMETHWICK - 0121 558 2527
GURDWARA AMRIT PARCHAR DHARMIK DIWAN OLDBURY
Gurdwara Guru Maneyo Granth OLDBURY
GURU NANAK GURDWARA SMETHWICK
The Council of Sikh Gurdwaras in Sandwell

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖ਼ਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## ਜਨਮ ਦਿਵਸ ਭਾਈ ਤਾਰੂ ਸਿੰਘ ਜੀ

ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਵਿਰਕ ਪ੍ਰਵਾਰ ਵੱਲੋਂ ਲਈ ਗਈ ਹੈ।

ਸ਼ਹੀਦੀ ਦਿਵਸ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਭਾਈ ਸੁਖਦੇਵ ਸਿੰਘ ਸੁੱਖਾ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।



**ਸ਼ਨਿੱਚਰਵਾਰ 12 ਅਕਤੂਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।**

ਐਤਵਾਰ 13 ਅਕਤੂਬਰ 2024 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ। ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਅਤੇ ਕੀਰਤਨ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਸਮੂਹ ਸਿੱਖ ਸੰਗਤਾਂ ਨੂੰ ਸ਼ਹੀਦ ਭਾਈ ਸੁਖਦੇਵ ਸਿੰਘ ਜੀ ਸੁੱਖਾ ਅਤੇ ਸ਼ਹੀਦ ਭਾਈ ਹਰਜਿੰਦਰ ਸਿੰਘ ਜੀ ਜਿੰਦਾ ਦੀ ਯਾਦ ਵਿੱਚ 13 ਅਕਤੂਬਰ ਦਿਨ ਐਤਵਾਰ ਨੂੰ ਸਵੇਰੇ 10 ਵਜੇ ਤੋਂ ਗੁਰੂ ਅਰਜਨ ਦੇਵ ਗੁਰਦੁਆਰਾ ਡਰਬੀ ਵਿਖੇ ਸਲਾਨਾ ਮਹਾਨ ਸ਼ਹੀਦੀ ਸਮਾਗਮ ਵਿੱਚ ਸ਼ਾਮਲ ਹੋਣ ਦਾ ਖੁੱਲ੍ਹਾ ਸੱਦਾ।

Open invitation to all Sikh sangat to attend the Annual Mahan Shaheedi Smagam in memory of Shaheed Bhai Sukhdev Singh Ji Sukha and Shaheed Bhai Harjinder Singh Ji Jinda on Sunday 13 October at Guru Arjan Dev Gurdwara Derby from 10am

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਪੰਚਾਇਤ ਚੋਣਾਂ 2024
ਪਿੰਡ ਕੋਟ ਖਜ਼ਾਨਾ
ਸਰਪੰਚ ਉਮੀਦਵਾਰ
ਚੋਣ ਨਿਸ਼ਾਨ
ਰੁੱਖ
ਹਰਪ੍ਰੀਤ ਸਿੰਘ ਕੋਕੀ
ਪੰਚ ਉਮੀਦਵਾਰ
ਵਾਰਡ ਨੰ : 1
ਬੀਬੀ ਮਨਜੀਤ ਕੌਰ
ਚੋਣ ਨਿਸ਼ਾਨ
ਕੂਕਰ
ਵਾਰਡ ਨੰ : 2
ਬਿਕਰਮਜੀਤ ਸਿੰਘ ਬਿੱਕਾ
ਚੋਣ ਨਿਸ਼ਾਨ
ਕੈਂਚੀ
ਵਾਰਡ ਨੰ : 3
ਗੁਰਵਿੰਦਰ ਸਿੰਘ ਵਿਸ਼ਾਲ
ਚੋਣ ਨਿਸ਼ਾਨ
ਮਾਚਿਸ
ਵਾਰਡ ਨੰ : 4
ਅਵਤਾਰ ਸਿੰਘ ਬਿੱਟੂ
ਚੋਣ ਨਿਸ਼ਾਨ
ਸਿਲੰਡਰ
ਵਾਰਡ ਨੰ : 5
ਬੀਬੀ ਕਵਲਜੀਤ ਕੌਰ
ਚੋਣ ਨਿਸ਼ਾਨ
ਫੁੱਟਬਾਲ
ਪਿੰਡ ਦੇ ਵਿਕਾਸ ਤੇ ਚੰਗੇ ਭਵਿੱਖ ਲਈ 15 ਅਕਤੂਬਰ ਨੂੰ ਨੌਜਵਾਨ , ਪੜੇ ਲਿਖੇ , ਗੁਰਸਿੱਖ ਸਰਪੰਚ
ਹਰਪ੍ਰੀਤ ਸਿੰਘ ਕੋਕੀ ਦੀ ਅਗਵਾਹੀ ਵਾਲੀ ਪੰਚਾਇਤ ਨੂੰ ਆਪਣਾ ਕੀਮਤੀ ਵੋਟ ਪਾ ਕੇ ਕਾਮਯਾਬ ਕਰੋ ਜੀ

## ਫਰੈਂਕਫਰਟ ਵਿੱਚ ਵਰਲਡ ਸਿੱਖ ਪਾਰਲੀਮੈਂਟ ਦਾ

# ਪੰਜਵਾਂ ਜਨਰਲ ਇਜਲਾਸ ਸਫਲਤਾ ਪੂਰਵਕ ਹੋਇਆ ਸੰਪੰਨ

### ਇਜਲਾਸ ਸਿੱਖ ਕੌਮ ਦੀ ਏਕਤਾ, ਸ਼ਕਤੀ ਅਤੇ ਸਾਂਝੇ ਉਦੇਸ਼ ਦਾ ਇੱਕ ਸ਼ਕਤੀਸ਼ਾਲੀ ਪ੍ਰਗਟਾਵਾ








**ਫਰੈਂਕਫਰਟ, ਜਰਮਨੀ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)** - ਵਰਲਡ ਸਿੱਖ ਪਾਰਲੀਮੈਂਟ ਦੇ ਪੰਜਵੇਂ ਸਾਲਾਨਾ ਜਨਰਲ ਇਜਲਾਸ ਜਰਮਨੀ ਦੇ ਸ਼ਹਿਰ ਫਰੈਂਕਫਰਟ ਵਿੱਚ ਸਫਲਤਾ ਪੂਰਵਕ ਆਯੋਜਨ ਕੀਤਾ ਗਿਆ ।ਅਮਰੀਕਾ, ਕਨੇਡਾ, ਆਸਟਰੇਲੀਆ, ਯੂਰਪ ਭਰ ਅਤੇ ਯੂਕੇ ਤੋਂ ਪਹੁੰਚੇ 100 ਤੋਂ ਜ਼ਿਆਦਾ ਡੈਲੀਗੇਟਾਂ ਨੇ ਸੈਸ਼ਨ ਵਿੱਚ ਭਾਗ ਲਿਆ ਅਤੇ ਪੰਥਕ ਮੁੱਦਿਆ ਤੇ ਵਿਚਾਰਾਂ ਕੀਤੀਆਂ ਅਤੇ ਭਵਿੱਖ ਦੇ ਪ੍ਰੋਗਰਾਮ ਉਲੀਕੇ ।ਸਿੱਖ ਕੌਮ ਦੀ ਏਕਤਾ, ਸ਼ਕਤੀ ਅਤੇ ਸਾਂਝੇ ਉਦੇਸ਼ ਦਾ ਇੱਕ ਪ੍ਰਭਾਵਸ਼ਾਲੀ ਪ੍ਰਗਟਾਵਾ ਸੀ ।4 ਅਕਤੂਬਰ ਨੂੰ ਸ਼ੁਰੂ ਹੋਏ ਸੈਸ਼ਨ ਵਿੱਚ ਵਰਲਡ ਸਿੱਖ ਪਾਰਲੀਮੈਂਟ ਦੇ ਮੈਂਬਰਾਂ ਅਤੇ ਆਬਜ਼ਰਵਰਾਂ ਨੇ ਪਿਛਲੇ ਸਾਲ ਵਿੱਚ ਕੀਤੇ ਕੰਮ ਦੀ ਪੜਚੋਲ ਕੀਤੀ ਅਤੇ ਅਗਲੇ ਸਾਲ ਵਿੱਚ ਕੀਤੇ ਜਾਣ ਬਾਰੇ ਕੰਮਾਂ ਬਾਰੇ ਵਿਚਾਰ ਕੀਤੀਆਂ ।ਸਾਰੇ ਮੈਂਬਰਾਂ ਨੇ ਸਿੱਖਾਂ ਨੂੰ ਦਰਪੇਸ਼ ਮੁਸ਼ਿਕਲਾਂ ਬਾਰੇ ਆਪਣੇ ਵਿਚਾਰ ਰੱਖੇ ਤੇ ਮਿਲ ਕੇ ਕੀਤੇ ਜਾ ਸਕਣ ਵਾਲੇ ਕੰਮਾਂ ਪ੍ਰਤੀ ਆਪਣੇ ਸੁਝਾਅ ਦਿੱਤੇ ।12 ਘੰਟੇ ਚੱਲੇ ਇਸ ਸੈਸ਼ਨ ਵਿੱਚ ਪਾਸ ਕੀਤੇ ਜਾਣ ਵਾਲੇ ਮਤਿਆ ਉੱਤੇ ਵਿਚਾਰ ਵਟਾਂਦਰਾ ਵੀ ਹੋਇਆ । 5 ਅਕਤੂਬਰ ਨੂੰ ਖੁੱਲ੍ਹੇ ਸੈਸ਼ਨ ਵਿੱਚ ਜਰਮਨੀ ਅਤੇ ਯੂਰਪ ਭਰ ਤੋਂ ਪੰਥ ਦਰਦੀ ਸਿੱਖਾਂ ਨੇ ਵੀ ਸ਼ਮੂਲੀਅਤ ਕੀਤੀ ।ਇਸ ਸੈਸ਼ਨ ਦੀ ਅਰੰਭਤਾ ਭਾਈ ਜਸਵਿੰਦਰ ਸਿੰਘ ਹਾਲੈਂਡ ਵੱਲੋਂ ਪੰਜ ਮੂਲ ਮੰਤਰ ਦੇ ਜਾਪ ਅਤੇ ਅਮਰੀਕਾ ਤੋਂ ਬੀਬੀ ਬਚਨ ਸਿੰਘ ਵੱਲੋਂ ਕੀਤੀ ਅਰਦਾਸ ਨਾਲ ਹੋਈ ।ਭਾਈ ਗੁਰਚਰਨ ਸਿੰਘ ਗੁਰਾਇਆ ਨੇ ਸਵਾਗਤੀ ਭਾਸ਼ਣ ਦਿੱਤਾ ਤੇ ਡਾ.ਅਮਰਜੀਤ ਸਿੰਘ ਨੇ ਸਪੀਕਰ ਦੀ ਜ਼ਿੰਮੇਵਾਰੀ ਸੰਭਾਲਦਿਆਂ ਵਰਲਡ ਸਿੱਖ ਪਾਰਲੀਮੈਂਟ ਦੀ ਹੋਂਦ ਦਾ ਮਕਸਦ ਅਤੇ ਪਾਰਲੀਮੈਂਟ ਦੇ ਕਾਰਜਾਂ ਬਾਰੇ ਜਾਣਕਾਰੀ ਦਿੱਤੀ ।ਪੰਜਵੇਂ ਸੈਸ਼ਨ ਦੀ ਅਹਿਮੀਅਤ ਨੂੰ ਦੱਸਿਆ ਅਤੇ ਕੌਮੀ ਸਿੱਖਾਂ ਦੇ ਇਕੱਠ ਨੂੰ ਜ਼ਾਲਮ ਭਾਰਤੀ ਸਰਕਾਰ ਨੂੰ ਸੁਨੇਹਾ ਦੱਸਿਆ ।ਮੌਜੂਦਾ ਸਿੱਖ ਸੰਘਰਸ਼ ਵਿੱਚ ਡੇਢ ਲੱਖ ਸ਼ਹੀਦਾਂ ਨੂੰ ਯਾਦ ਕਰਦਿਆਂ ਅਤੇ ਉਹਨਾਂ ਦੇ ਨਕਸ਼ੇ ਕਦਮਾਂ ਤੇ ਚੱਲਣ ਦਾ ਉਪਰਾਲਾ ਹੈ ਵਰਲਡ ਸਿੱਖ ਪਾਰਲੀਮੈਂਟ ਇਕ ਪਾਰਟੀ ਨਹੀਂ ਬਲਕਿ ਸਿੱਖ ਮਿਸਲਾਂ ਵਾਲਾ ਮਾਡਲ ਹੈ ਅਤੇ ਉਸੇ ਇਤਿਹਾਸ ਤੋਂ ਹੀ ਸੇਧ ਲਈ ਜਾ ਰਹੀ ਹੈ ।ਕੋਈ ਇੱਕੱਲੀ ਜਥੇਬੰਦੀ ਪੰਥ ਦੇ ਕਾਰਜ ਨਹੀਂ ਕਰ ਸਕਦੀ ਬਲਕਿ ਸਾਂਝੀ ਅਗਵਾਈ ਹੀ ਮੌਜੂਦਾ ਚੁਣੌਤੀਆਂ ਦਾ ਹੱਲ ਹੈ ਅੱਜ ਜਦੋਂ ਟਰਾਂਸਨੈਸ਼ਨਲ ਰਿਪਰੈਸ਼ਨ ਭਾਰਤੀ ਸਰਕਾਰ ਵੱਲੋਂ ਕੀਤਾ ਜਾ ਰਿਹਾ ਹੈ ਉਦੋਂ ਤਾਂ ਇਹ ਹੋਰ ਵੀ ਜ਼ਰੂਰੀ ਹੋ ਜਾਂਦਾ ਹੈ ।ਡਾ: ਅਮਰਜੀਤ ਸਿੰਘ ਨੇ ਕਿਹਾ ਕਿ ਅੱਜ ਦਾ ਸਮਾਂ ਬਹੁਤ ਚੁਣੌਤੀਆਂ ਭਰਿਆ ਹੈ ਇਸ ਵਿੱਚ ਵਰਲਡ ਸਿੱਖ ਪਾਰਲੀਮੈਂਟ ਦੀ ਅਹਿਮ ਭੂਮਿਕਾ ਹੋਵੇਗੀ ।ਇਸ ਉਪਰੰਤ ਭਾਈ ਮਨਪ੍ਰੀਤ ਸਿੰਘ ਅਤੇ ਭਾਈ ਹਿੰਮਤ ਸਿੰਘ ਨੇ ਪਿਛਲੇ ਸਾਲ ਦੌਰਾਨ ਵਰਲਡ ਸਿੱਖ ਪਾਰਲੀਮੈਂਟ ਦੇ ਕੀਤੇ ਕਾਰਜਾਂ ਦੀ ਜਾਣਕਾਰੀ ਦਿੱਤੀ ਗਈ ਜਿਸ ਵਿੱਚ ਯੂ ਐਨ ਓ ਵਿੱਚ ਸਿੱਖ ਮੁੱਦਿਆ ਨੂੰ ਉਠਾਉਣਾ, ਹਿਊਮਨ ਰਾਈਟਜ਼ ਕਮਿਸ਼ਨ ਵੱਲੋਂ ਭਾਰਤ ਸਰਕਾਰ ਦੇ ਕੀਤੇ ਰਿਵਿਊ ਵਿੱਚ ਹਿੱਸਾ ਪਾਉਣਾ, ਅਮਰੀਕਾ ਦੀ ਸਰਕਾਰ ਨਾਲ ਸਿੱਖਾਂ ਦੀ ਗੱਲਬਾਤ ਅਤੇ ਟਰਾਂਸ ਨੈਸ਼ਨਲ ਰਿਪਰੈਸ਼ਨ ਦੇ ਵਿਰੋਧ ਵਿੱਚ ਕੀਤੇ ਕੰਮਾਂ ਬਾਰੇ ਜਾਣਕਾਰੀ ਅਤੇ ਵਰਲਡ ਸਿੱਖ ਪਾਰਲੀਮੈਂਟ ਨਾਲ ਜੁੜੀਆਂ ਜਥੇਬੰਦੀਆਂ ਵੱਲੋਂ ਕੀਤੇ ਕੰਮਾਂ ਦੀ ਜਾਣਕਾਰੀ ਸ਼ਾਮਲ ਸੀ ।ਵਰਲਡ ਸਿੱਖ ਪਾਰਲੀਮੈਂਟ ਦੀ ਧਾਰਮਿਕ ਕੌਂਸਲ ਵੱਲੋਂ ਭਾਈ ਜਸਵਿੰਦਰ ਸਿੰਘ ਹਾਲੈਂਡ ਵੱਲੋਂ ਭਵਿੱਖ ਦੇ ਕਾਰਜਾਂ ਬਾਰੇ ਜਾਣਕਾਰੀ ਦਿੱਤੀ । ਸਿੱਖਿਆ ਕੌਂਸਲ ਦੇ ਭਾਈ ਜਗਜੀਤ ਸਿੰਘ ਨੇ ਦੁਨੀਆਂ ਦੇ ਵੱਖ ਵੱਖ ਦੇਸ਼ਾਂ ਵਿੱਚ ਲਾਏ ਜਾਣ ਵਾਲੇ ਕੈਂਪਾਂ ਦੀ ਰੂਪਰੇਖਾ ਦਿੱਤੀ । ਹੋਮ ਅਤੇ ਅੰਦਰੂਨੀ ਮਾਮਲਿਆ ਬਾਰੇ ਕੌਂਸਲ ਦੇ ਭਾਈ ਗੁਰਪ੍ਰੀਤ ਸਿੰਘ ਵੱਲੋਂ ਆਪਣੇ ਨਵੇਂ 'ਮਾਈ ਪਿੰਡ ਪਰਾਜੈਕਟ' ਬਾਰੇ ਦੱਸਿਆ ।ਪੰਜਾਬ ਦੇ ਪਿੰਡਾਂ ਵਿੱਚ ਵਾਤਾਵਰਣ, ਸਿਹਤ, ਅਤੇ ਸਮਾਜੀ ਵਿਸ਼ਿਆਂ ਉੱਤੇ ਕੀਤੀ ਜਾ ਰਹੀ ਖੋਜ ਬਾਰੇ ਜਾਣਕਾਰੀ ਦਿੱਤੀ ।ਹਿਊਮਨ ਰਾਈਟਜ਼ ਕੌਂਸਲ ਦੇ ਪ੍ਰਭਜੋਤ ਸਿੰਘ ਨੇ ਕਕਾਰਾਂ ਦੀ ਬੇਅਦਬੀ, ਨਸਲੀ ਵਿਤਕਰੇ, ਧਾਰਮਿਕ ਅਜ਼ਾਦੀ ਅਤੇ ਹੋਰ ਵਿਸ਼ਿਆਂ ਉੱਤੇ ਕਾਨੂੰਨੀ ਕਾਰਵਾਈ ਤੋਂ ਲੈ ਕੇ ਜਾਗਰੂਕਤਾ ਫੈਲਾਉਣ ਤੱਕ ਕੌਂਸਲ ਦੇ ਕੀਤੇ ਕੰਮਾਂ ਬਾਰੇ ਜਾਣਕਾਰੀ ਦਿੱਤੀ।

AWAZE QAUM
ਆਵਾਜ਼ਿ ਕੌਮ
International Newspaper & WEB TV

ਵਿੱਤੀ ਕੌਂਸਲ ਵੱਲੋਂ ਭਾਈ ਹਰਦਮ ਸਿੰਘ ਅਜ਼ਾਦ ਨੇ ਵਿੱਤੀ ਮਾਮਲਿਆ ਬਾਰੇ ਚੁਣੌਤੀਆਂ ਅਤੇ ਭਵਿੱਖ ਦੀਆਂ ਨੀਤੀਆਂ ਬਾਰੇ ਦੱਸਿਆ ।ਸੈਲਫ ਡਿਟਰਮੀਨੇਸ਼ਨ ਕੌਂਸਲ ਬਾਰੇ ਯੂ ਐਨ ਓ ਨਾਲ ਸਬੰਧਤ ਕੌਂਸਲ ਬਾਰੇ ਭਾਈ ਮਨਪ੍ਰੀਤ ਸਿੰਘ ਵੱਲੋਂ ਜਾਣਕਾਰੀ ਦਿਤੀ ਗਈ ਜਿਸ ਵਿੱਚ ਜਨੇਵਾ ਵਿੱਚ ਭਾਰਤ ਸਰਕਾਰ ਦੇ ਹੋਏ ਰਿਵੀਓ ਬਾਰੇ ਜਾਣਕਾਰੀ ਦਿੱਤੀ ।ਟਰਾਂਸ ਨੈਸ਼ਨਲ ਰਿਪਰੈਸ਼ਨ ਬਾਰੇ ਅਮਰੀਕਾ ਵਿੱਚ ਪੇਸ਼ ਹੋਏ ਮਤੇ ਵਿੱਚ ਪਹਿਲੀ ਵਾਰ ਖਾਲਿਸਤਾਨ ਸ਼ਬਦ ਨੂੰ ਜੋੜਿਆ ਗਿਆ ।ਵੱਖ ਵੱਖ ਦੇਸ਼ਾਂ ਦੇ ਨੁੰਮਾਇੰਦਿਆਂ ਅਤੇ ਯੂ ਐਸ ਏ ਸੈਨਟਰਾਂ ਨਾਲ ਹੋਏ ਮੇਲਜੋਲ ਬਾਰੇ ਜਾਣਕਾਰੀ ਦਿੱਤੀ ਗਈ । ਕੈਨੇਡਾ ਤੋਂ ਭਾਈ ਸਿਮਰਨਜੋਤ ਸਿੰਘ ਨੇ ਕਨੇਡਾ ਵਿੱਚ ਕੀਤੇ ਕੰਮਾਂ ਬਾਰੇ ਜਾਣਕਾਰੀ ਦਿੱਤੀ। ਵੈਲਫੇਅਰ ਕੌਂਸਲ ਵੱਲੋਂ ਦੇਸ਼ਾਂ ਵਿਦੇਸ਼ਾਂ ਵਿੱਚ ਕੀਤੇ ਲੋਕ ਭਲਾਈ ਦੇ ਕੰਮਾਂ ਬਾਰੇ ਭਾਈ ਸੰਤੋਖ ਸਿੰਘ ਵੱਲੋਂ ਦੱਸਿਆ ਗਿਆ ।

ਮੀਡੀਆ ਵਿੱਚ ਸਿੱਖਾਂ ਦੀ ਗੱਲ ਨੂੰ ਪ੍ਰਭਾਵਸ਼ਾਲੀ ਗੱਲ ਨਾਲ ਰੱਖਣ ਲਈ ਭਵਿੱਖ ਵਿੱਚ ਕੀਤੇ ਜਾਣ ਵਾਲੇ ਯਤਨਾਂ ਬਾਰੇ ਭਾਈ ਗੁਰਵਿੰਦਰ ਸਿੰਘ ਆਸਟਰੇਲੀਆ ਅਤੇ ਹਰਜਾਪ ਸਿੰਘ ਜਾਫੀ ਨੇ ਜਾਣਕਾਰੀ ਦਿੱਤੀ ।'ਜਗਤ ਕਸਾਈ' ਬ੍ਰਾਹਮਣਾਂ ਅਤੇ ਜਾਤ ਪਾਤ ਬਾਰੇ ਬਹੁਤ ਹੀ ਵਡਮੁੱਲੀ ਜਾਣਕਾਰੀ ਭਾਈ ਸ਼ਾਮ ਸਿੰਘ ਆਸਟ੍ਰੇਲੀਆ ਵਾਲਿਆ ਨੇ ਦਿੱਤੀ ।ਡਾ: ਇਕਤਦਾਰ ਚੀਮਾ ਨੇ ਅੰਤਰਾਸ਼ਟਰੀ ਹਾਲਾਤਾਂ ਦੇ ਸਨਮੁੱਖ ਸਿੱਖਾਂ ਨੂੰ ਕਰਨ ਵਾਲੇ ਕੰਮਾਂ ਬਾਰੇ ਵਿਚਾਰਾਂ ਦਿੱਤੀਆਂ ।

ਸੈਸ਼ਨ ਦੇ ਦੂਸਰੇ ਹਿੱਸੇ ਵਿੱਚ ਯੂਰਪ ਦੇ ਨੌਜਵਾਨਾਂ ਨੂੰ ਸਥਾਨਕ ਸਿਆਸਤ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕਰਨ ਦੇ ਨਿਸ਼ਾਨੇ ਨਾਲ ਸਿੱਖ ਯੂਥ ਰਣਨੀਤੀ ਸੈਸ਼ਨ ਕਰਵਾਇਆ ਗਿਆ ਜਿਸ ਵਿੱਚ ਵੱਡੀ ਗਿਣਤੀ ਵਿੱਚ ਯੂਰਪ ਭਰ ਦੇ ਨੌਜਵਾਨਾਂ ਨੇ ਹਿੱਸਾ ਲਿਆ ਤੇ ਪੰਥਕ ਆਗੂਆਂ ਦੇ ਵਿਚਾਰ ਸੁਣੇ ।ਇਸ ਮੌਕੇ ਜਰਮਨ ਤੋਂ ਗਰੀਨ ਪਾਰਟੀ ਦੀ ਬੀਬੀ ਮਹਿਵਿਸ਼ ਇਫਤਿਖਾਰ ਅਤੇ ਡਾ: ਇਰਾਨਬੋਮੀ ਨੇ ਸੰਬੋਧਨ ਕੀਤਾ ਤੇ ਨੌਜਵਾਨਾਂ ਨੂੰ ਜਰਮਨ ਸਿਆਸਤ ਵਿੱਚ ਵਧ ਚੜ੍ਹ ਕੇ ਹਿੱਸਾ ਲੈਣ ਬਾਰੇ ਕਿਹਾ । ਇਸ ਤੋਂ ਬਾਅਦ ਇੱਕ ਲੰਮਾਂ ਸਵਾਲ ਜਵਾਬ ਸੈਸ਼ਨ ਚੱਲਿਆ ਜਿਸ ਵਿੱਚ ਡਾ: ਅਮਰਜੀਤ ਸਿੰਘ, ਭਾਈ ਗੁਰਪ੍ਰੀਤ ਸਿੰਘ, ਭਾਈ ਮਨਪ੍ਰੀਤ ਸਿੰਘ, ਭਾਈ ਪ੍ਰਭ ਸਿੰਘ, ਡਾ: ਤੇਜਪਾਲ ਸਿੰਘ ਅਤੇ ਜਗਜੀਤ ਸਿੰਘ ਨੇ ਨੌਜਵਾਨਾਂ ਦੇ ਸਵਾਲਾਂ ਦੇ ਜਵਾਬ ਦਿੱਤੇ । ••

ਆਵਾਜ਼ਿ ਕੌਮ AWAZE QAUM

## ਵਰਲਡ ਸਿੱਖ ਪਾਰਲੀਮੈਂਟ ਵੱਲੋਂ

# ਗੁਰਦੁਆਰਾ ਸਿੱਖ ਸੈਂਟਰ ਫਰੈਂਕਫਰਟ ਵਿਖੇ ਅੰਤਰਰਾਸ਼ਟਰੀ ਪੰਥਕ ਕਾਨਫਰੰਸ ਦਾ ਆਯੋਜਨ

### ਵਰਲਡ ਸਿੱਖ ਪਾਰਲੀਮੈਂਟ ਵੱਲੋਂ ਪਿਛਲੇ ਸਾਲ ਅੰਦਰ ਕੀਤੇ ਕੰਮਾਂ ਬਾਰੇ ਜਾਣੂੰ ਕਰਵਾਇਆ ਅਤੇ ਭਵਿੱਖ ਵਿੱਚ ਕੀਤੇ ਜਾਣ ਵਾਲੇ ਕੰਮਾਂ ਦੀ ਜਾਣਕਾਰੀ ਦਿੱਤੀ









**ਫਰੈਂਕਫਰਟ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਵਰਲਡ ਸਿੱਖ ਪਾਰਲੀਮੈਂਟ ਦੇ ਪੰਜਵੇਂ ਜਨਰਲ ਇਜਲਾਸ ਦੇ ਤੀਜੇ ਤੇ ਆਖਰੀ ਦਿਨ ਗੁਰਦੁਆਰਾ ਸਿੱਖ ਸੈਂਟਰ ਫਰੈਂਕਫਰਟ ਵਿਖੇ ਅੰਤਰਰਾਸ਼ਟਰੀ ਪੰਥਕ ਕਾਨਫਰੰਸ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਦੇਸ਼ ਵਿਦੇਸ਼ ਤੋਂ ਆਏ ਬੁਲਾਰਿਆਂ ਨੇ ਸੰਗਤਾਂ ਸਾਹਮਣੇ ਆਪਣੇ ਵਿਚਾਰ ਰੱਖੇ । ਬੁਲਾਰਿਆਂ ਵੱਲੋਂ ਵਰਲਡ ਸਿੱਖ ਪਾਰਲੀਮੈਂਟ ਵੱਲੋਂ ਪਿਛਲੇ ਸਾਲ ਅੰਦਰ ਕੀਤੇ ਕੰਮਾਂ ਬਾਰੇ ਜਾਣੂੰ ਕਰਵਾਇਆ ਅਤੇ ਭਵਿੱਖ ਵਿੱਚ ਕੀਤੇ ਜਾਣ ਵਾਲੇ ਕੰਮਾਂ ਦੀ ਜਾਣਕਾਰੀ ਦਿੱਤੀ।

ਦੀਵਾਨ ਦਾ ਅਰੰਭ ਕੀਰਤਨੀ ਜਥੇ ਵੱਲੋਂ ਇਲਾਹੀ ਬਾਣੀ ਦੇ ਜਾਪ ਨਾਲ ਹੋਇਆ ਉਪਰੰਤ ਭਾਈ ਗੁਰਚਰਨ ਸਿੰਘ ਗੁਰਾਇਆ ਨੇ ਸਟੇਜ ਦੀ ਸੇਵਾ ਸੰਭਾਲੀ ਤੇ ਸੰਗਤਾਂ ਨੂੰ ਵਰਲਡ ਸਿੱਖ ਪਾਰਲੀਮੈਂਟ ਦੇ ਪਿਛਲੇ ਦੋ ਦਿਨਾਂ ਦੇ ਇਜਲਾਸ ਦੀ ਸੰਖੇਪ ਜਾਣਕਾਰੀ ਦਿੱਤੀ।

ਇਸ ਮੌਕੇ ਬੁਲਾਰਿਆਂ ਨੇ ਭਾਈ ਹਰਦਿਆਲ ਸਿੰਘ (ਯੂਨਾਇਟਡ ਸਿੱਖਜ਼) ਯੂ. ਐਸ. ਏ. ਨੇ ਵਰਲਡ ਸਿੱਖ ਪਾਰਲੀਮੈਂਟ ਨਾਲ ਜੁੜ ਕੇ ਕੀਤੇ ਜਾਂਦੇ ਕਾਰਜਾਂ ਬਾਰੇ ਦੱਸਿਆ । ਭਾਈ ਪ੍ਰਭ ਸਿੰਘ ਕਨੇਡਾ ਨੇ ਸਿੱਖਾਂ ਨੂੰ ਕਾਨੂੰਨੀ ਤੌਰ ਤੇ ਮਜ਼ਬੂਤ ਹੋ ਕੇ ਹਰ ਵਿਤਕਰੇ ਨਾਲ ਜੂਝਣ ਬਾਰੇ ਦੱਸਿਆ । ਭਾਈ ਸਿਮਰਨਜੋਤ ਸਿੰਘ ਕਨੇਡਾ ਨੇ ਭਾਰਤ ਸਰਕਾਰ ਨੂੰ ਚੈਲੰਜ ਕੀਤਾ ਕਿ ਉਹ ਸਿੱਖਾਂ ਨੂੰ ਟਾਰਗੇਟ ਕਿਲਿੰਗ ਕਰ ਕੇ ਖਤਮ ਨਹੀਂ ਕਰ ਸਕਦੀ । ਭਾਈ ਪ੍ਰਿਤਪਾਲ ਸਿੰਘ ਸਵਿਟਜ਼ਰਲੈਂਡ ਨੇ ਕਿਹਾ ਕਿ ਅਜ਼ਾਦੀ ਦੀ ਪਰਾਪਤੀ ਤੱਕ ਜੰਗ ਜਾਰੀ ਰਹੇਗੀ । ਭਾਈ ਮਨਪ੍ਰੀਤ ਸਿੰਘ ਇੰਗਲੈਂਡ ਨੇ ਸ਼ਹੀਦਾਂ ਦੇ ਪਾਏ ਪੂਰਨਿਆਂ ਤੇ ਚੱਲਦਿਆਂ ਵਰਲਡ ਸਿੱਖ ਪਾਰਲੀਮੈਂਟ ਦੇ ਕੀਤੇ ਕੰਮਾਂ ਬਾਰੇ ਦੱਸਿਆ । ਭਾਈ ਜਗਜੀਤ ਸਿੰਘ ਨੇ ਯੂਰਪ ਦੇ ਸਿੱਖਾਂ ਨੂੰ ਮਿਲ ਕੇ ਆਪਣੇ ਮਸਲੇ ਹੱਲ ਕਰਨ ਦੀ ਬੇਨਤੀ ਕੀਤੀ । ਭਾਈ ਗੁਰਵਿੰਦਰ ਸਿੰਘ ਆਸਟਰੇਲੀਆ ਨੇ ਕਿਹਾ ਕਿ ਯੂਰਪ ਵਿੱਚ ਉਹਨਾਂ ਸਿੰਘਾਂ ਦੇ ਦਰਸ਼ਨ ਕਰਕੇ ਖੁਸ਼ੀ ਹੋਈ ਹੈ ਜਿਹਨਾਂ ਨੇ ਸਿੱਖ ਸੰਘਰਸ਼ ਵਿੱਚ ਸੇਵਾ ਕੀਤੀ ਹੈ ਅਤੇ ਉਹ ਸਾਡੇ ਲਈ ਪ੍ਰੇਰਨਾ ਸਰੋਤ ਹਨ। ਭਾਈ ਅਮਰੀਕ ਸਿੰਘ ਸਹੋਤਾ ਨੇ ਕਿਹਾ ਸਿੱਖਾਂ ਦਾ ਪ੍ਰਣ ਹੈ ਕਿ ਖਾਲਿਸਤਾਨ ਦੀ ਪ੍ਰਾਪਤੀ ਤੱਕ ਜਦੋ ਜਹਿਦ ਕਰਦੇ ਰਹਿਣਗੇ । ਭਾਈ ਗੁਰਪ੍ਰੀਤ ਸਿੰਘ (ਸੇਵਿੰਗ ਪੰਜਾਬ) ਯੂਰਪ ਦੇ ਸਿੱਖਾਂ ਨੂੰ ਪੰਜਾਬ ਅੰਦਰ ਹੋ ਰਹੇ ਸਿਆਸੀ, ਸਮਾਜੀ ਅਤੇ ਵਾਤਾਵਰਣ ਦੇ ਵਰਤਾਰਿਆਂ ਬਾਰੇ ਦੱਸਿਆ । ਭਾਈ ਹਿੰਮਤ ਸਿੰਘ ਯੂ ਐਸ ਏ ਨੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨੂੰ ਸੰਬੋਧਨ ਹੁੰਦਿਆ ਕਿਹਾ ਕਿ ਇਹ ਸਾਡਾ ਫਰਜ਼ ਹੈ ਕਿ ਅਸੀਂ ਸਿੱਖ ਇਤਿਹਾਸ ਅਤੇ ਸਿੱਖ ਸੰਘਰਸ਼ ਦੀ ਜਾਣਕਾਰੀ ਸੰਗਤਾਂ ਤੱਕ ਪਹੁੰਚਾਈਏ । ਡਾ: ਇਕਤਦਾਰ ਚੀਮਾ ਨੇ ਅੰਤਰਰਾਸ਼ਟਰੀ ਹਾਲਾਤਾਂ ਤੇ ਚਾਨਣਾ ਪਾਉਂਦਿਆਂ ਕਿਹਾ ਕਿ ਉਹ ਤਾਕਤਾਂ ਜਿਹਨਾਂ ਦੇ ਕਾਰਨ ਭਾਰਤ ਪਾਕਿਸਤਾਨ ਦੋ ਦੋ ਮੁਲਕ ਬਣੇ ਸੀ ਉਹ ਅੱਜ ਸਿੱਖਾਂ ਦੇ ਨਾਲ ਹਨ ਅਤੇ ਸਿੱਖਾਂ ਨੂੰ ਆਪਣੀ ਅਜ਼ਾਦੀ ਦੀ ਪਰਾਪਤੀ ਲਈ ਹਰ ਪਲੇਟਫਾਰਮ ਤੇ ਅਵਾਜ਼ ਉਠਾਉਣੀ ਚਾਹੀਦੀ ਹੈ । ਡਾ: ਅਮਰਜੀਤ ਸਿੰਘ ਨੇ ਸੰਗਤਾਂ ਸਾਹਮਣੇ ਆਪਣੇ ਵਿਚਾਰ ਰੱਖਦਿਆਂ ਸ਼ਹੀਦਾਂ ਦੀ ਮਹਿਮਾ ਅਤੇ ਸ਼ਹਾਦਤ ਦੇ ਸੰਕਲਪ ਬਾਰੇ ਚਾਨਣਾ ਪਾਇਆ । ਉਹਨਾਂ ਸਿੱਖ ਰਾਜ ਦੇ ਸਿਧਾਂਤਕ ਪੱਖਾਂ ਤੋਂ ਜਾਣਕਾਰੀ ਦਿੱਤੀ । ਭਾਈ ਜੋਗਾ ਸਿੰਘ ਯੂ ਕੇ ਨੇ ਸਾਰੀਆਂ ਜਥੇਬੰਦੀਆਂ ਨੂੰ ਅਪੀਲ ਕੀਤੀ ਕਿ ਆਓ ਮਿਲ ਕੇ ਪੰਥਕ ਕਾਰਜ ਕਰੀਏ ਤੇ ਸਾਰੀਆਂ ਜਥੇਬੰਦੀਆਂ ਇੱਕ ਬਰਾਬਰ ਹਨ ।




ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਭਾਈ ਗੁਰਚਰਨ ਸਿੰਘ ਗੁਰਾਇਆ ਨੇ ਵਰਲਡ ਸਿੱਖ ਪਾਰਲੀਮੈਂਟ ਦੇ ਪੰਜਵੇਂ ਇਜਲਾਸ ਵਿੱਚ ਪਾਸ ਕੀਤੇ ਮਤੇ ਪੜ੍ਹ ਕੇ ਸੁਣਾਏ ਜਿਸ ਵਿੱਚ ਖਾਲਿਸਤਾਨ ਪ੍ਰਤੀ ਵਚਨਬੱਧਤਾ, ਸ਼ਹੀਦਾਂ ਦੇ ਪਾਏ ਪੂਰਨਿਆ ਉੱਤੇ ਚੱਲਣ ਦਾ ਪ੍ਰਣ ਸ਼ਾਮਲ ਸਨ । ਭਾਰਤ ਸਰਕਾਰ ਵੱਲੋਂ ਟਰਾਂਸਨੈਸ਼ਨਲ ਰਿਪਰੇਸ਼ਨ ਖਿਲਾਫ ਅਤੇ ਸਨਾਤਨਵਾਦ ਦੇ ਸਿੱਖੀ ਉੱਤੇ ਵਧਦੇ ਪ੍ਰਭਾਵ ਪ੍ਰਤੀ ਵੀ ਮਤੇ ਸ਼ਾਮਲ ਸਨ । ਮਤਿਆਂ ਵਿੱਚ ਹਾਲ ਹੀ ਵਿੱਚ ਚੱਲ ਰਹੀਆਂ ਰੂਸ ਯੂਕਰੇਨ ਅਤੇ ਇਸਰਾਇਲ ਫਲਸਤੀਨ ਦੀਆਂ ਜੰਗਾਂ ਵਿੱਚ ਸਾਰੀਆਂ ਧਿਰਾਂ ਨੂੰ ਮਿਲ ਕੇ ਮਸਲੇ ਹੱਲ ਕਰਨ ਬਾਰੇ ਕਿਹਾ ਗਿਆ । ਸੰਗਤਾਂ ਨੂੰ ਅਪੀਲ ਕੀਤੀ ਗਈ ਕਿ ਸਿੱਖ ਨਸਲਕੁਸ਼ੀ ਦੀ ਚਾਲੀਵੀਂ ਵਰ੍ਹੇਗੰਢ ਨੂੰ ਵੱਡੇ ਪੱਧਰ ਤੇ ਮਨਾਉਣ ਤੇ ਭਾਰਤ ਦਾ ਸਿੱਖ ਵਿਰੋਧੀ ਚਿਹਰਾ ਨੰਗਾ ਕਰਨ ।

ਕਾਨਫਰੰਸ ਦੀ ਸਮਾਪਤੀ ਤੇ ਖਾਲਿਸਤਾਨ ਅਫੇਅਰਜ਼ ਸੈਂਟਰ ਦੇ ਡਾਇਰੈਕਟਰ ਅਤੇ ਟੀ ਵੀ 84 ਦੇ ਭਾਈ ਅਮਰਜੀਤ ਸਿੰਘ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ।

## ਵਰਲਡ ਸਿੱਖ ਪਾਰਲੀਮੈਂਟ ਵੱਲੋਂ

# ਗੁਰਦੁਆਰਾ ਸਿੱਖ ਸੈਂਟਰ ਫਰੈਂਕਫਰਟ ਵਿਖੇ ਅੰਤਰਰਾਸ਼ਟਰੀ ਪੰਥਕ ਕਾਨਫਰੰਸ ਦਾ ਆਯੋਜਨ

**ਵਰਲਡ ਸਿੱਖ ਪਾਰਲੀਮੈਂਟ ਵੱਲੋਂ ਪਿਛਲੇ ਸਾਲ ਅੰਦਰ ਕੀਤੇ ਕੰਮਾਂ ਬਾਰੇ ਜਾਣੂੰ ਕਰਵਾਇਆ ਅਤੇ ਭਵਿੱਖ ਵਿੱਚ ਕੀਤੇ ਜਾਣ ਵਾਲੇ ਕੰਮਾਂ ਦੀ ਜਾਣਕਾਰੀ ਦਿੱਤੀ**




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਬਲਜੀਤ ਸਿੰਘ ਦਾਦੂਵਾਲ ਨੂੰ ਵਾਸ਼ਿੰਗਟਨ, ਡੀ. ਸੀ. ਵਿੱਚ ਯੂਨੀਵਰਸਲ ਪੀਸ ਫੈੱਡਰੇਸ਼ਨ ਯੂ. ਐੱਸ. ਏ. ਵੱਲੋਂ ਸ਼ਾਂਤੀ ਲਈ ਰਾਜਦੂਤ ਨਿਯੁਕਤ ਕੀਤਾ ਗਿਆ

**ਵਾਸ਼ਿੰਗਟਨ ਡੀ. ਸੀ. • ਆਵਾਜ਼ਿ ਕੌਮ ਬਿਊਰੋ** – ਬਲਜੀਤ ਸਿੰਘ ਦਾਦੂਵਾਲ ਇੱਕ ਉੱਘੇ ਸਿੱਖ ਆਗੂ ਅਤੇ ਕਮਿਊਨਿਟੀ ਕਾਰਕੁੰਨ ਹਨ, ਜੋ ਆਪਣੀ ਲੀਡਰਸ਼ਿਪ ਭੂਮਿਕਾ, ਸਮਾਜਿਕ ਅਤੇ ਧਾਰਮਿਕ ਕਾਰਨਾਂ ਪ੍ਰਤੀ ਸਮਰਪਣ ਲਈ ਜਾਣੇ ਜਾਂਦੇ ਹਨ। ਸਿੱਖ ਧਾਰਮਿਕ ਮਾਮਲਿਆਂ ਦੇ ਪ੍ਰਬੰਧਨ ਅਤੇ ਭਾਈਚਾਰਕ ਭਲਾਈ ਨੂੰ ਉਤਸ਼ਾਹਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਆ ਰਹੇ ਹਨ।



ਆਪਣੀ ਧਾਰਮਿਕ ਅਤੇ ਭਾਈਚਾਰਕ ਲੀਡਰਸ਼ਿਪ ਤੋਂ ਇਲਾਵਾ, ਦਾਦੂਵਾਲ ਅੰਤਰ-ਧਰਮ ਸੰਵਾਦ ਅਤੇ ਸਹਿਯੋਗ ਦੇ ਮਜ਼ਬੂਤ ਵਕੀਲ ਵੀ ਹਨ। ਉਹਨਾਂ ਦੇ ਯਤਨਾਂ ਨੇ ਆਪਸੀ ਸਮਝ ਅਤੇ ਸਤਿਕਾਰ ਨੂੰ ਵਧਾਉਣ ਲਈ ਵੱਖ-ਵੱਖ ਧਰਮਾਂ ਦੇ ਲੋਕਾਂ ਨੂੰ ਇਕੱਠੇ ਕਰਨ ਤੇ ਧਿਆਨ ਦਿੱਤਾ ਹੈ। ਦਾਦੂਵਾਲ ਆਪਣੀ ਕਮਿਊਨਿਟੀ ਵਿੱਚ ਇੱਕ ਮਾਰਗਦਰਸ਼ਕ ਸਖਸ਼ੀਅਤ ਵਜੋਂ ਜਾਣੇ ਜਾਂਦੇ ਹਨ। ਉਹਨਾਂ ਦੀ ਅਗਵਾਈ ਅਤੇ ਸੇਵਾ ਵਿਆਪਕ ਤੌਰ 'ਤੇ ਸਤਿਕਾਰੀ ਜਾਂਦੀ ਹੈ।

ਬਲਜੀਤ ਸਿੰਘ ਦਾਦੂਵਾਲ ਨੂੰ ਯੂਨੀਵਰਸਲ ਪੀਸ ਫੈਡਰੇਸ਼ਨ ਯੂ. ਐੱਸ. ਏ. ਵੱਲੋਂ "ਸ਼ਾਂਤੀ ਦੇ ਰਾਜਦੂਤ" ਦੇ ਵੱਕਾਰੀ ਖਿਤਾਬ ਨਾਲ ਸਨਮਾਨਿਤ ਕੀਤਾ ਗਿਆ ਹੈ। ਵਾਸ਼ਿੰਗਟਨ ਟਾਈਮਜ਼ ਹਾਲ ਵਿੱਚ ਆਯੋਜਿਤ ਸਮਾਰੋਹ ਵਿੱਚ ਦਾਦੂਵਾਲ ਵੱਲੋਂ ਸ਼ਾਂਤੀ ਅਤੇ ਭਾਈਚਾਰਕ ਲੀਡਰਸ਼ਿਪ ਨੂੰ ਉਤਸ਼ਾਹਿਤ ਕਰਨ ਵਿੱਚ ਪਾਏ ਗਏ ਅਨਮੋਲ ਯੋਗਦਾਨ ਨੂੰ ਮਾਨਤਾ ਦਿੱਤੀ ਗਈ। ਦਾਦੂਵਾਲ, ਜੋ ਕਿ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵਜੋਂ ਵੀ ਸੇਵਾ ਕਰ ਚੁੱਕੇ ਹਨ। ਉਹਨਾਂ ਦੀ ਭਾਈਚਾਰਿਆਂ ਵਿੱਚ ਏਕਤਾ, ਸਤਿਕਾਰ ਅਤੇ ਸਦਭਾਵਨਾ ਨੂੰ ਉਤਸ਼ਾਹਿਤ ਕਰਨ ਲਈ ਉਨ੍ਹਾਂ ਦੀ ਅਟੁੱਟ ਵਚਨਬੱਧਤਾ ਲਈ ਪ੍ਰਸ਼ੰਸਾ ਕੀਤੀ ਗਈ।

ਸਮਾਗਮ ਵਿੱਚ ਦਾਦੂਵਾਲ ਦੀ ਪਤਨੀ ਅਤੇ ਪੁੱਤਰ ਸਮੇਤ ਕਈ ਪ੍ਰਮੁੱਖ ਸਖਸ਼ੀਅਤਾਂ ਵੀ ਮੌਜੂਦ ਸਨ। ਯੂਨੀਵਰਸਲ ਪੀਸ ਫੈਡਰੇਸ਼ਨ ਦੇ ਵਾਈਸ ਪ੍ਰੈਜ਼ੀਡੈਂਟ ਟੋਮੀਕੋ ਦੁੱਗਾਨ ਅਤੇ ਇੰਟਰਨੈਸ਼ਨਲ ਫੋਰਮ ਯੂ. ਐੱਸ. ਏ. ਦੇ ਕੋ-ਚੇਅਰ ਡਾ. ਸੁਰਿੰਦਰ ਐੱਸ. ਗਿੱਲ, ਦੋਵਾਂ ਨੇ ਦਾਦੂਵਾਲ ਦੀ ਮਾਨਵਤਾਵਾਦੀ ਸੇਵਾ ਅਤੇ ਸ਼ਾਂਤੀ-ਨਿਰਮਾਣ ਦੇ ਯਤਨਾਂ ਦੀ ਸ਼ਲਾਘਾ ਕੀਤੀ । ਡਾ. ਗਿੱਲ, ਨੇ ਵਿਸ਼ੇਸ਼ ਤੌਰ 'ਤੇ, ਵੱਖ-ਵੱਖ ਧਰਮਾਂ ਅਤੇ ਪਿਛੋਕੜਾਂ ਦੇ ਲੋਕਾਂ ਨੂੰ ਜੋੜਨ ਲਈ ਕੰਮ ਕਰਦੇ ਹੋਏ, ਇੱਕ ਪੁਲ-ਨਿਰਮਾਤਾ ਵਜੋਂ ਦਾਦੂਵਾਲ ਦੀ ਭੂਮਿਕਾ ਨੂੰ ਉਜਾਗਰ ਕੀਤਾ। ਜੋ ਕਿ ਦਾਦੂਵਾਲ ਨਿਸ਼ਕਾਮ ਸੇਵਕ ਵਜੋਂ ਨਿਭਾਅ ਰਹੇ ਹਨ।

ਸਮਾਗਮ ਦੌਰਾਨ, ਦਾਦੂਵਾਲ ਨੇ ਵਿਸ਼ਵ ਸ਼ਾਂਤੀ ਅਤੇ ਸਾਰੇ ਵਿਅਕਤੀਆਂ ਵਿੱਚ ਸਤਿਕਾਰ ਲਈ ਪ੍ਰਮਾਤਮਾ ਅੱਗੇ ਦਿਲੋਂ ਅਰਦਾਸ ਕੀਤੀ। ਉਹਨਾਂ ਦਾ ਸੰਦੇਸ਼ ਸਰੋਤਿਆਂ ਵਿੱਚ ਡੂੰਘਾਈ ਨਾਲ ਗੂੰਜਿਆ। ਵਿਸ਼ਵ ਪੱਧਰ 'ਤੇ ਸਦਭਾਵਨਾ ਨੂੰ ਉਤਸ਼ਾਹਿਤ ਕਰਨ ਲਈ ਦਾਦੂਵਾਲ ਦੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦਾ ਹੈ। ਯੂਨੀਵਰਸਲ ਪੀਸ ਫੈਡਰੇਸ਼ਨ ਨੇ ਪੇਸ਼ਕਾਰੀ ਤੋਂ ਬਾਅਦ ਇੱਕ ਵਿਸ਼ੇਸ਼ ਚਾਹ ਸਮਾਰੋਹ ਬਲਜੀਤ ਸਿੰਘ ਦਾਦੂਵਾਲ ਦੇ ਸਨਮਾਨ ਵਜੋਂ ਕੀਤਾ।

ਇਸ ਮਹੱਤਵਪੂਰਨ ਮੌਕੇ ਨੂੰ ਨਿੱਘ ਅਤੇ ਏਕਤਾ ਨਾਲ ਮਨਾਇਆ। ਇਸ ਸਮਾਗਮ ਨੇ ਇੱਕ ਕਮਿਊਨਿਟੀ ਲੀਡਰ ਵਜੋਂ ਦਾਦੂਵਾਲ ਦੇ ਸਥਾਈ ਪ੍ਰਭਾਵ ਅਤੇ ਸ਼ਾਂਤੀ ਦੇ ਯਾਨਾ ਲਈ ਉਨ੍ਹਾਂ ਦੇ ਨਿਰੰਤਰ ਸਮਰਪਣ ਨੂੰ ਰੇਖਾਂਕਿਤ ਕੀਤਾ।

ਸੁਬੇਗ ਸਿੰਘ ਮੁਲਤਾਨੀ ਨੂੰ ਇੰਟਰਨੈਸ਼ਨਲ ਫੋਰਮ ਯੂ. ਐੱਸ. ਏ. ਵੱਲੋ ਇਮੀਗ੍ਰੇਸ਼ਨ ਸੇਵਾਵਾਂ ਪ੍ਰਤੀ ਸਨਮਾਨਿਤ ਕੀਤਾ ਗਿਆ। ਉਹਨਾ ਦੇ ਸ਼ਾਨਦਾਰ ਯੋਗਦਾਨ ਲਈ ਇੰਟਰਨੈਸ਼ਨਲ ਫੋਰਮ ਯੂ. ਐੱਸ. ਏ. ਵੱਲੋਂ ਸ਼ਲਾਘਾ ਕੀਤੀ ਗਈ। ਮੁਲਤਾਨੀ ਸਾਹਿਬ ਵੱਲੋਂ ਅਣਗਿਣਤ ਵਿਅਕਤੀਆਂ ਅਤੇ ਪਰਿਵਾਰਾਂ ਨੂੰ ਮਹੱਤਵਪੂਰਨ ਸਹਾਇਤਾ ਪ੍ਰਦਾਨ ਕਰਦੇ ਹੋਏ ਪ੍ਰਵਾਸੀਆਂ ਦੀ ਸਹਾਇਤਾ ਕਰਨ ਅਤੇ ਉਹਨਾਂ ਨੂੰ ਸਮਾਜ ਵਿੱਚ ਏਕੀਕ੍ਰਿਤ ਕਰਨ ਤੇ ਸਮਰਪਣ ਨੂੰ ਮਾਨਤਾ ਦਿੱਤੀ। ਉਹਨਾ ਦਾ ਅਣਥੱਕ ਕੰਮ ਜੀਵਨ ਨੂੰ ਸਕਾਰਾਤਮਕ ਤੌਰ 'ਤੇ ਪ੍ਰਭਾਵਤ ਕਰਨਾ ਜਾਰੀ ਰੱਖਦਾ ਹੈ, ਜਿਸ ਨਾਲ ਉਹਨਾਂ ਨੂੰ ਇਹ ਚੰਗੀ ਮਾਨਤਾ ਮਿਲਦੀ ਹੈ।

ਆਪਣੇ ਸਵੀਕ੍ਰਿਤੀ ਭਾਸ਼ਣ ਵਿੱਚ, ਮੁਲਤਾਨੀ ਨੇ ਇਸ ਮਾਣਮੱਤੇ ਸਨਮਾਨ ਲਈ ਯੂਨੀਵਰਸਲ ਪੀਸ ਫੈਡਰੇਸ਼ਨ ਅਤੇ ਉਨ੍ਹਾਂ ਦੇ ਸਹਿਯੋਗੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਨੇ ਡਾ: ਸੁਰਿੰਦਰ ਐੱਸ. ਗਿੱਲ ਦਾ ਵੀ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ, ਜੋ ਪਹਿਲਾਂ ਹੀ ਸ਼ਾਂਤੀ ਦੇ ਰਾਜਦੂਤ ਦਾ ਖਿਤਾਬ ਹਾਸਲ ਕਰ ਚੁੱਕੇ ਹਨ, ਉਨ੍ਹਾਂ ਦੇ ਨਿਰੰਤਰ ਸਹਿਯੋਗ ਅਤੇ ਅਗਵਾਈ ਦੀ ਪ੍ਰਸ਼ੰਸਾ ਕੀਤੀ। ਮੁਲਤਾਨੀ ਨੇ ਭਾਈਚਾਰੇ ਦੀ ਸੇਵਾ ਕਰਨ ਅਤੇ ਸ਼ਾਂਤੀ ਕਾਇਮ ਕਰਨ ਲਈ ਸਹਿਯੋਗੀ ਯਤਨਾਂ ਦੀ ਮਹੱਤਤਾ 'ਤੇ ਜੋਰ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# Baljit Singh Daduwal Designated as Ambassador for Peace by Universal Peace Federation USA in Washington, DC

**WASHINGTON DC / AWAZE QAUM**



Baljit Singh Daduwal has been honored with the prestigious title of "Ambassador for Peace" by the Universal Peace Federation USA. The ceremony, held at the Washington Times Hall, recognized Daduwal's invaluable contributions to fostering peace and community leadership. Daduwal, who also served as the President of the Haryana Gurdwara Parbandhak Committee, was praised for his unwavering commitment to promoting unity, respect, and harmony across communities.

Daduwal's wife and son were present at the ceremony, joined by an array of prominent dignitaries. Tomiko Duggan, Vice President of the Universal Peace Federation, and Dr. Surinder S. Gill, Co-Chair of the International Forum USA, both spoke highly of Daduwal, emphasizing his dedication to humanitarian service and peace-building efforts. Dr. Gill, in particular, highlighted Daduwal's role as a bridge-builder, working to connect people from different faiths and backgrounds.

During the event, Daduwal offered heartfelt prayers to the Almighty for global peace and respect among all individuals. His message resonated deeply with the audience, reinforcing his commitment to promoting harmony on a global scale. The Universal Peace Federation hosted a special tea ceremony following the presentation, celebrating this momentous occasion with warmth and unity. The event underscored Daduwal's lasting impact as a community leader and his ongoing dedication to the cause of peace.Baljit Singh Daduwal is a prominent Sikh leader and community activist known for his leadership roles and dedication to social and religious causes. He played a significant role in managing Sikh religious affairs and promoting community welfare.In addition to his religious and community leadership, Daduwal is a strong advocate for interfaith dialogue and cooperation. His efforts have focused on bringing people of different faiths together to promote mutual understanding and respect. Daduwal continues to be a guiding figure in their community, and widely respected for his leadership and service.


### ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਸ਼ਹੀਦ ਭਾਈ ਸੁਖਦੇਵ ਸਿੰਘ ਸੁੱਖਾ ਦੀ 32ਵੀਂ ਬਰਸੀ ਸਬੰਧੀ

# ਪਿੰਡ ਗਦਲੀ ਵਿਖੇ ਸੰਗਤਾਂ ਦੇ ਭਾਰੀ ਇਕੱਠ ਵਿੱਚ ਮਨਾਏ ਸ਼ਹੀਦੀ ਸਮਾਗਮ

**ਜੰਡਿਆਲਾ ਗੁਰੂ • ਆਵਾਜ਼ਿ ਕੌਮ ਬਿਊਰੋ**




ਅੱਜ ਪਿੰਡ ਗਦਲੀ ਵਿਖੇ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਸ਼ਹੀਦ ਭਾਈ ਸੁਖਦੇਵ ਸਿੰਘ ਸੁੱਖਾ ਦੀ 32ਵੀਂ ਬਰਸੀ ਦੇ ਸਬੰਧ ਵਿੱਚ ਉਹਨਾਂ ਦੇ ਜੱਦੀ ਪਿੰਡ ਗਦਲੀ ਵਿਖੇ ਸੰਗਤਾਂ ਦੇ ਭਾਰੀ ਇਕੱਠ ਵਿੱਚ ਸ਼ਹੀਦੀ ਸਮਾਗਮ ਕਰਵਾਏ ਗਏ। ਸਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਭੋਗ ਪਿੰਡ ਦੇ ਗੁਰਦੁਆਰਾ ਸਾਹਿਬ ਵਿੱਚ ਪਾਉਣ ਉਪਰੰਤ ਸੰਗਤਾਂ ਵਾਸਤੇ ਪਿੰਡ ਦੇ ਬਾਹਰ ਵਾਰ ਖੁਲ੍ਹੇ ਪੰਡਾਲ ਵਿੱਚ ਦਿਵਾਨ ਸਜਾਏ ਗਏ। ਇਹਨਾਂ ਦੀਵਾਨਾਂ ਵਿੱਚ ਪਿਛਲੇ ਸਮੇਂ ਵਿੱਚ ਸ਼ਹੀਦ ਹੋਏ ਸਿੰਘਾਂ ਦੇ ਪਰਿਵਾਰਾਂ ਤੋਂ ਇਲਾਵਾ ਪੰਥ ਦੀਆਂ ਮਹਾਨ ਹਸਤੀਆਂ ਨੇ ਭਾਗ ਲਿਆ ਅਤੇ ਸੰਗਤਾਂ ਦੇ ਸਨਮੁੱਖ ਹੋਏ। ਵੱਖ-ਵੱਖ ਬੁਲਾਰਿਆਂ ਨੇ ਇਸ ਸ਼ਹੀਦੀ ਸਮਾਗਮ ਵਿੱਚ ਪਹੁੰਚੀਆਂ ਸੰਗਤਾਂ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਅੱਜ ਸਿੱਖ ਸੰਗਤ ਨੂੰ ਇੱਕ ਪਲੇਟ ਫਾਰਮ ਤੇ ਇਕੱਠੇ ਹੋਣ ਦੀ ਲੋੜ ਹੈ। ਉਹਨਾਂ ਕਿਹਾ ਕਿ ਜਿਸ ਤਰਾਂ ਅੱਜ ਦੁਸ਼ਮਣ ਤੁਹਾਡੇ ਤੇ ਹਾਵੀ ਹੋ ਰਿਹਾ ਉਸ ਲਈ ਸਾਡੀਆਂ ਰਾਜ ਕਰ ਰਹੀਆਂ ਧਿਰਾਂ ਜਿੰਮੇਵਾਰ ਹਨ ਜਿਨਾਂ ਨੇ ਆਪਣੇ ਨਿਜੀ ਹਿੱਤਾਂ ਦੀ ਖਾਤਰ ਪੰਥ ਦੇ ਹੱਕਾਂ ਨੂੰ ਗਿਰਵੀ ਰੱਖ ਦਿੱਤਾ ਹੈ। ਸਮਾਂ ਰਹਿੰਦਿਆ ਸਾਨੂੰ ਇੱਕ ਪਲੇਟਫਾਰਮ ਤੇ ਇਕੱਠਾ ਹੋਣਾ ਚਾਹੀਦਾ ਹੈ।ਉਹਨਾ ਕਿਹਾ ਕਿ ਭਾਈ ਜਿੰਦਾ ਅਤੇ ਸੁੱਖਾ ਦੀ ਕੁਰਬਾਨੀ ਕੋਈ ਅੰਤ ਨਹੀਂ ਸੀ ਇਹ ਅਜੋਕੇ ਸਮੇਂ ਦੇ ਸੰਘਰਸ਼ ਦੀ ਸ਼ੁਰੂਆਤ ਸੀ। ਅੱਜ ਸਾਨੂੰ ਇਹਨਾਂ ਜੋਧਿਆਂ ਦੇ ਪੱਦ ਚਿਨਾਂ ਤੇ ਚਲਣ ਦੀ ਲੋੜ ਹੈ ਤਾਂ ਜੋ ਅਸੀ ਸਿੱਖ ਕੌਮ ਦੀ ਇੱਕ ਅਜ਼ਾਦ ਹਸਤੀ ਨੂੰ ਅਜ਼ਾਦ ਦੇਖ ਸੱਕੀਏ।ਇਸ ਮੌਕੇ ਵੱਖ ਵੱਖ ਬੁਲਾਰਿਆਂ ਨੇ ਇਜੰਸੀਆਂ ਵਲੋਂ ਵਿਦੇਸ਼ਾਂ ਵਿੱਚ ਸ਼ਹੀਦ ਕੀਤੇ ਗਏ ਸਿੱਖਾਂ ਦੇ ਕਤਲਾਂ ਨੂੰ ਵੀ ਸਿੱਖ ਕੌਮ ਵਾਸਤੇ ਵੰਗਾਰ ਦੱਸਿਆ ਅਤੇ ਕਿਹਾ ਕਿ ਹੁਣ ਹਕੂਮਤਾਂ ਸਿੱਖਾਂ ਦੇ ਲੀਡਰਾਂ ਨਾਲ ਸਿੱਧਾ ਪੰਗਾ ਲੈ ਰਹੀਆ ਹਨ ।ਇਸ ਮੌਕੇ ਸਿਮਰਨਜੀਤ ਸਿੰਘ ਮਾਨ, ਐਮ.ਪੀ ਸਰਬਜੀਤ ਸਿੰਘ ਖਾਲਸਾ, ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਜੀ ਬਾਪੂ ਤਰਸੇਮ ਸਿੰਘ, ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, ਸ੍ਰੀ ਦਰਬਾਰ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਸਿੰਘ ਸਾਹਿਬ ਰਾਜਬੀਰ ਸਿੰਘ, ਜਥੇਦਾਰ ਸਵਰਨਜੀਤ ਸਿੰਘ ਮੁਖੀ ਤਰਨਾ ਦਲ ਸ਼ਹੀਦਾਂ ਦੋਆਬਾ, ਭਾਈ ਰਜਿੰਦਰ ਸਿੰਘ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਨਿਰਮਲ ਸਿੰਘ ਸਾਥੀ ਭਾਈ ਹਰਜਿੰਦਰ ਸਿੰਘ, ਭਰਾਤਾ ਭਾਈ ਭੁਪਿੰਦਰ ਸਿੰਘ, ਬੀਬੀ ਬਲਵਿੰਦਰ ਕੌਰ, ਜੀਜਾ ਇੰਦਰਜੀਤ ਸਿੰਘ, ਹਰਚਰਣ ਸਿੰਘ ਗਿਆਨੀ, ਭਾਈ ਨਿਰਵੈਲ ਸਿੰਘ, ਬਾਬਾ ਬਿਬੇਕ ਸਿੰਘ, ਸ਼ਰਨਜੀਤ ਸਿੰਘ, ਲੱਖਾ ਸਿੰਘ, ਸੁੱਖਵਿੰਦਰ ਸਿੰਘ, ਮਲਕੀਤ ਸਿੰਘ, ਗਿਆਨੀ ਸ਼ਿਵਦੇਵ ਸਿੰਘ, ਗੁਰਜੀਤ ਸਿੰਘ, ਸੁਖਰਾਜ ਸਿੰਘ, ਦਿਲਬਾਗ ਸਿੰਘ, ਦਲਜੀਤ ਸਿੰਘ, ਗਿਆਨੀ ਭੁਪਿੰਦਰ ਸਿੰਘ, ਜਗਰੂਪ ਸਿੰਘ, ਮਨਜੀਤ ਸਿੰਘ, ਰਛਪਾਲ ਸਿੰਘ, ਗੁਰਨਾਮ ਸਿੰਘ, ਬਲਵੰਤ ਸਿੰਘ ਪੰਡੋਰੀ, ਭਾਈ ਬਲਜਿੰਦਰ ਸਿੰਘ ਪਰਵਾਨਾ, ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਅਤੇ ਸੰਗਤਾਂ ਹਾਜਰ ਸਨ।



ਸਿੱਖ ਰਹਿਤ ਮਰਯਾਦਾ (੩੧)

ਖ਼ਾਲਸਾ ਧਰਮ ਦੇ ਨਿਯਮਾਂ ਅਨੁਸਾਰ ਜਥੇਬੰਦੀ ਵਿਚ ਇਕ ਸੂਤ ਪਰੋਏ ਰਹਿਣਾ, ਰਹਿਤ ਵਿਚ ਕੋਈ ਭੁੱਲ ਹੋ ਜਾਵੇ ਤਾਂ ਖ਼ਾਲਸੇ ਦੇ ਦੀਵਾਨ ਵਿਚ ਹਾਜ਼ਰ ਹੋ ਕੇ ਬੇਨਤੀ ਕਰ ਕੇ ਤਨਖ਼ਾਹ ਬਖ਼ਸ਼ਾਉਣੀ। ਅੱਗੇ ਲਈ ਸਾਵਧਾਨ ਰਹਿਣਾ।

(ਠ) ਤਨਖ਼ਾਹੀਏ ਇਹ ਹਨ :

੧. ਮੀਣੇ, ਮਸੰਦ, ਧੀਰਮੱਲੀਏ, ਰਾਮਰਾਈਏ, ਆਦਿਕ ਪੰਥ ਵਿਰੋਧੀਆਂ ਨਾਲ ਜਾਂ ਨੜੀ ਮਾਰ, ਕੁੜੀ ਮਾਰ, ਸਿਰਗੁੰਮ ਨਾਲ ਵਰਤਣ[2] ਵਾਲਾ ਤਨਖ਼ਾਹੀਆ ਹੋ ਜਾਂਦਾ ਹੈ।

**ਜੋ ਸ੍ਰੀ ਅਕਾਲ ਤਖ਼ਤ ਸਾਹਿਬ ਤੋ ਤਨਖਾਇਏ ਹੋਣ। ਉਸ ਬਾਰੇ ਰਹਿਤ ਮਰਿਆਦਾ ਦੇ ਪੰਨਾਂ ਨੰਬਰ 31 ਤੇ ਉਚੇਚਾ ਲਿਖਿਆ ਹੈ। ਕਿਉਂਕਿ ਉਸ ਸਮੇਂ ਇਥੇ ਦਰਜ ਲੋਕ ਤਨਖਾਈਏ ਸਨ। ਅੱਜ ਸੁਖਬੀਰ ਬਾਦਲ ਵੀ ਤਨਖਾਈਏ ਘੋਸਿਤ ਕੀਤੇ ਹਨ।**

**"ਤਨਖਾਈਏ ਨਾਲ ਵਰਤਣ ਵਾਲਾ ਵੀ ਤਨਖਾਈਆ ਹੋ ਜਾਂਦਾ ਹੈ।" ਸੋ ਸੱਤਾ ਦੀ ਲਾਲਸਾ ਵਿੱਚ ਜੋ ਵੀ ਤਨਖਾਈਏ ਨੂੰ ਮਿਲਦਾ ਹੈ ਉਹ ਵੀ ਉਸੇ ਕਤਾਰ ਵਿੱਚ ਖੜਦਾ ਹੈ। ਸੋ ਗੁਰੂ ਦੇ ਬਣੋ ਨਾ ਕਿ ਤਨਖਾਈਏ ਦੇ।**


ਨਗਰ ਪੰਚਾਇਤ ਗੁਰੂਪੁਰਾ (ਰੋਡੇ)
GURUPURA RODE



ਸਰਪੰਚ ਦੀ ਚੋਣ ਲੜ ਰਹੇ
ਗੁਰਸਿੱਖ, ਇਮਾਨਦਾਰ ਅਤੇ ਮਿਹਨਤੀ ਉਮੀਦਵਾਰ
ਬੀਬੀ ਕੁਲਦੀਪ ਕੌਰ
Bibi Kuldip Kaur
ਚੋਣ ਨਿਸ਼ਾਨ ਬਾਲਟੀ



M. 94636-84804
ਨੂੰ ਆਉਣ ਵਾਲੀ 15 ਅਕਤੂਬਰ ਨੂੰ ਆਪਣਾ ਇੱਕ ਇੱਕ ਕੀਮਤੀ ਵੋਟ ਪਾ ਕੇ ਕਾਮਯਾਬ ਕਰੋ।
ਜਾਰੀ ਕਰਤਾ: ਸਮੂਹ ਨਗਰ ਨਿਵਾਸੀ ਅਤੇ ਨੌਜਵਾਨ, ਗੁਰੂਪੁਰਾ (ਰੋਡੇ)
GURUPURA RODE



ਪੰਚਾਇਤ ਚੋਣਾ 2024
ਪਿੰਡ ਖਜ਼ਾਨੇ ਕੋਟ
ਤੋਂ
ਪੜੇ ਲਿਖੇ ਸੂਝਵਾਨ ਗੁਰਸਿੱਖ ਨੌਜਵਾਨ
ਸਰਪੰਚੀ ਦੇ ਉਮੀਦਵਾਰ
ਹਰਪ੍ਰੀਤ ਸਿੰਘ ਕੋਕੀ
ਨੂੰ
ਆਪਣਾ ਕੀਮਤੀ ਵੋਟ ਪਾ ਕੇ ਕਾਮਯਾਬ ਕਰੋ



ਪਿੰਡ ਦੇ ਵਿਕਾਸ ਤੇ ਚੰਗੇ ਭਵਿੱਖ ਲਈ ਪਿੰਡ ਦੀ ਵਾਗਡੋਰ ਨੌਜਵਾਨਾਂ ਦੇ ਹੱਥ ਵਿੱਚ ਦਿਓ ਜੀ

### ਗੰਨੇ ਦਾ ਵੱਧ ਝਾੜ ਲੈਣ ਲਈ

# ਅੱਸੂ-ਕੱਤਕ ਦੀ ਬਿਜਾਈ ਕੀਤੀ ਜਾਵੇ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 10 ਅਕਤੂਬਰ (ਕੁਲਜੀਤ ਸਿੰਘ ਖੋਖਰ)**-ਖੰਡ ਮਿੱਲ ਮੁਕੇਰੀਆਂ ਦੇ ਵੀ.ਪੀ ਕੇਨ ਸ੍ਰੀ ਸੰਜੇ ਸਿੰਘ ਅਤੇ ਸੀਨੀਅਰ ਕੇਨ ਮੈਨੇਜਰ ਅਵਨੀਤ ਯਾਦਵ ਦੇ ਦਿਸਾ ਨਿਰਦੇਸਾਂ ਤਹਿਤ ਗੰਨਾ ਦਫ਼ਤਰ ਭੈਣੀ ਮੀਆਂ ਖਾਂ ਦੇ ਪਿੰਡ ਪੁਰਾਣੀਆਂ ਬਾਗੜੀਆਂ ਦੇ ਜ਼ਿਮੀਂਦਾਰ ਦੀਦਾਰ ਮਸੀਹ ਪੁੱਤਰ ਨਾਨਕ ਮਸੀਹ ਦੇ ਖੇਤਾਂ ਚ ਅੱਸੂ-ਕੱਤਕ ਦੀ ਬਿਜਾਈ ਅਰੰਭ ਕੀਤੀ ਗਈ ।ਇਸ ਦੌਰਾਨ ਗੰਨਾ ਦਫ਼ਤਰ ਭੈਣੀ ਮੀਆਂ ਖਾਂ ਦੇ ਗੰਨਾ ਵਿਕਾਸ ਅਫ਼ਸਰ ਜਗਦੀਸ਼ ਸਿੰਘ ਸੈਣੀ ਨੇ ਦੱਸਿਆ ਕਿ ਅੱਸੂ ਕੱਤਕ ਮਹੀਨੇ ਵੱਧ ਝਾੜ ਲੈਣ ਲਈ ਵੱਧ ਤੋਂ ਵੱਧ ਗੰਨੇ ਦੀ ਬਿਜਾਈ ਕੀਤੀ ਜਾਵੇ , ਤੇ ਸਹਿ ਫ਼ਸਲ ਲੈਣ ਵਾਸਤੇ ਕਣਕ, ਸਰੋਂ ਆਦਿ ਦੀ ਸਿਫਾਰਸ਼ ਕੀਤੀ। ਉਨ੍ਹਾਂ ਨੇ ਗੰਨੇ ਦੀਆਂ ਨਵੀਆਂ ਕਿਸਮਾਂ ਜਿਵੇਂ ਸੀ.ਓ 11015,ਸੀ.ਓ0118,ਸੀ.ਓ3102,ਸੀ.ਓ 86032 ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਗੰਨਾ ਵਿਕਾਸ ਅਫ਼ਸਰ ਜਗਦੀਸ਼ ਸਿੰਘ ਸੈਣੀ ਸਮੇਤ ਸਮੂਹ ਸਟਾਫ਼ ਹਰਜਿੰਦਰ ਸਿੰਘ, ਜਗਪਾਲ ਸਿੰਘ, ਲਖਵਿੰਦਰ ਸਿੰਘ, ਕਿਰਪਾਲ ਸਿੰਘ ਹਾਜ਼ਿਰ ਸਨ।

### ਦੋਸਤ ਵੈਲਫੇਅਰ ਸੋਸਾਇਟੀ ਨੇ ਮੇਲਾ ਮਾਈਸਰਖਾਨਾ

# ਵਿਖੇ 51ਵੇਂ ਮੁੱਢਲੀ ਸਹਾਇਤਾ ਕੈਂਪ ਦੀ ਸੇਵਾ ਨਿਭਾਈ



**ਤਲਵੰਡੀ ਸਾਬੋ, 10 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਪਿਛਲੇ ਢਾਈ ਦਹਾਕਿਆਂ ਤੋਂ ਮਨੁੱਖਤਾ ਦੀ ਸੇਵਾ ਨੂੰ ਸਮਰਪਿਤ ਦੋਸਤ ਵੈਲਫੇਅਰ ਸੁਸਾਇਟੀ ਰਜ਼ਿ. ਬਠਿੰਡਾ ਵੱਲੋਂ ਰਮੇਸ਼ ਗਰਗ ਪ੍ਰਧਾਨ ਦੀ ਦੇਖ-ਰੇਖ ਹੇਠ ਛੇਵੇਂ ਨਵਰਾਤਰੇ 'ਤੇ ਮੇਲਾ ਮਾਈਸਰਖਾਨਾ ਵਿਖੇ 51ਵੇਂ ਮੁੱਢਲੀ ਸਹਾਇਤਾ ਕੈਂਪ ਦੀ ਸੇਵਾ ਨਿਭਾਈ ਗਈ। ਜਿਸ ਵਿੱਚ ਸੁਸਾਇਟੀ ਦੇ ਸਮੂਹ ਕਾਰਜਕਰਤਾਵਾਂ ਨੇ ਸਿਹਤ ਵਿਭਾਗ, ਜ਼ਿਲ੍ਹਾ ਪ੍ਰਸ਼ਾਸਨ ਦੀ ਪ੍ਰਵਾਨਗੀ ਨਾਲ ਦਿਨ ਰਾਤ ਸ਼ਰਧਾਲੂਆਂ ਨੂੰ ਮੁਫ਼ਤ ਮੁੱਢਲੀ ਸਹਾਇਤਾ ਉਪਲਬਧ ਕਰਵਾਈ।ਇਸ ਬਾਰੇ ਜਾਣਕਾਰੀ ਦਿੰਦਿਆਂ ਰਮੇਸ਼ ਗਰਗ ਨੇ ਦੱਸਿਆ ਕਿ ਮੇਲੇ ਵਿੱਚ ਲਗਭਗ 700 ਸ਼ਰਧਾਲੂਆਂ ਨੂੰ ਮਰਹਮ ਪੱਟੀ, ਬਲੱਡ ਪ੍ਰੈਸ਼ਰ ਚੈਕਅੱਪ ਆਦਿ ਦੀ ਸੇਵਾ ਉਪਲਬਧ ਕਰਵਾਈ ਗਈ। ਇਸ ਤੋਂ ਇਲਾਵਾ ਭਗਤਾਂ ਨੂੰ ਸਿਰ ਦਰਦ, ਬੁਖਾਰ, ਚੱਕਰ ਆਉਣਾ ਅਤੇ ਦਿਲ ਘਬਰਾਉਣਾ ਆਦਿ ਦੀ ਦਵਾਈ ਮਾਹਿਰਾਂ ਦੀ ਰਾਏ ਹੇਠ ਮੁਫ਼ਤ ਵੰਡੀ ਗਈ। ਉਨ੍ਹਾਂ ਦੱਸਿਆ ਕਿ ਮੇਲੇ ਵਿੱਚ ਸੋਸਾਇਟੀ ਵੱਲੋਂ ਮੁਫ਼ਤ ਐਂਬੂਲੈਂਸ ਦੀ ਸੇਵਾ ਵੀ ਦਿੱਤੀ ਗਈ।ਉਨ੍ਹਾਂ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਸ਼ਰਧਾਲੂਆਂ ਦੀ ਗਿਣਤੀ ਜ਼ਿਆਦਾ ਅਤੇ ਬਹੁਤ ਧੂੜ ਮਿੱਟੀ ਉੱਡਣ ਕਾਰਨ ਮੇਲੇ ਵਿੱਚ ਸਿਰ ਦਰਦ ਅਤੇ ਘਬਰਾਹਟ ਨਾਲ ਪੀੜਤ ਮਰੀਜ਼ਾਂ ਦੀ ਗਿਣਤੀ ਜ਼ਿਆਦਾ ਵੇਖਣ ਨੂੰ ਮਿਲੀ। ਉਨ੍ਹਾਂ ਸ਼ਰਧਾਲੂਆਂ ਦੀ ਸੇਵਾ ਨੂੰ ਆਪਣਾ ਸੁਭਾਗ ਦੱਸਦੇ ਹੋਏ ਕਿਹਾ ਕਿ ਭਵਿੱਖ ਵਿੱਚ ਵੀ ਵਲੰਟੀਅਰਾਂ ਦੇ ਸਹਿਯੋਗ ਨਾਲ ਇਸ ਤ੍ਰਰਾਂ ਦੇ ਮੁੱਢਲੀ ਸਹਾਇਤਾ ਕੈਂਪ, ਮੈਡੀਕਲ ਕੈਂਪ ਆਦਿ ਸਮਾਜ ਸੇਵੀ ਕਾਰਜ ਜਾਰੀ ਰਹਿਣਗੇ। ਉਨ੍ਹਾਂ ਮੇਲਾ ਆਯੋਜਕਾਂ, ਸਿਹਤ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸਨ ਦਾ ਸਹਿਯੋਗ ਲਈ ਧੰਨਵਾਦ ਕੀਤਾ। ਕੈਂਪ ਵਿੱਚ ਸੁਸਾਇਟੀ ਦੇ ਵਲੰਟੀਅਰ ਰਮਨੀਕ ਵਾਲੀਆ, ਅਸ਼ੋਕ ਬਾਲਿਆਂਵਾਲੀ, ਅਸ਼ਵਨੀ ਠਾਕੁਰ, ਰਜਿੰਦਰ ਸਿੰਗਲਾ, ਰਾਕੇਸ਼ ਗੋਇਲ, ਮਨਦੀਪ ਕੁਮਾਰ, ਵਿਨੋਦ ਕਾਲੜਾ, ਮੰਗਤ ਰਾਏ, ਅਨੂਪ ਕੁਮਾਰ ਤੇ ਸੋਮ ਪ੍ਰਕਾਸ਼ ਨੇ ਦਿਨ ਰਾਤ ਸੇਵਾ ਨਿਭਾਈ।

### ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ

# ਮਨਾਇਆ ਗਿਆ ਵਿਸ਼ਵ ਮਾਨਸਿਕ ਸਿਹਤ ਦਿਵਸ

**ਤਲਵੰਡੀ ਸਾਬੋ, 10 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਸਿਵਲ ਸਰਜਨ ਬਠਿੰਡਾ ਦੇ ਦਿਸ਼ਾ ਨਿਰਦੇਸ਼ ਤਹਿਤ ਅਤੇ ਸੀਨੀਅਰ ਮੈਡੀਕਲ ਅਫ਼ਸਰ ਤਲਵੰਡੀ ਸਾਬੋ ਡਾ. ਦਰਸ਼ਨ ਕੌਰ ਦੀ ਅਗਵਾਈ ਹੇਠ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਵਿਸ਼ਵ ਮਾਨਸਿਕ ਸਿਹਤ ਦਿਵਸ ਮਨਾਇਆ ਗਿਆ।ਇਸ ਦਿਨ ਮਨਾਉਣ ਦਾ ਮਕਸਦ ਲੋਕਾਂ ਵਿੱਚ ਮਾਨਸਿਕ ਸਿਹਤ ਦੇ ਮੁੱਦਿਆਂ ਬਾਰੇ ਜਾਗਰੂਕਤਾ ਵਧਾਉਣਾ ਅਤੇ ਮਾਨਸਿਕ ਸਿਹਤ ਲਈ ਸਹਿਯੋਗੀ ਯਤਨਾਂ ਦਾ ਆਯੋਜਨ ਕਰਨਾ ਹੈ। ਇਸਦੀ ਸ਼ੁਰੂਆਤ ਵਰਲਡ ਮੈਂਟਲ ਹੈਲਥ ਐਸੋਸੀਏਸ਼ਨ ਨੇ 10 ਅਕਤੂਬਰ 1992 ਨੂੰ ਕੀਤੀ ਸੀ। ਇਹ ਦਿਨ ਸੰਯੁਕਤ ਰਾਸ਼ਟਰ ਦੇ ਉਪ ਜਨਰਲ ਸਕੱਤਰ ਰਿਚਰਡ ਹੰਟਰ ਅਤੇ 'ਵਰਲਡ ਫੈਡਰੇਸ਼ਨ ਫਾਰ ਮੈਂਟਲ ਹੈਲਥ' ਦੀ ਪਹਿਲਕਦਮੀ 'ਤੇ ਪਹਿਲੀ ਵਾਰ ਮਨਾਇਆ ਗਿਆ ਸੀ। ਮਾਨਸਿਕ ਸਿਹਤ ਨੂੰ ਆਮ ਤੌਰ 'ਤੇ ਬਹੁਤ ਮਾਮੂਲੀ ਮੰਨਿਆ ਜਾਂਦਾ ਹੈ ਅਤੇ ਬਿਮਾਰੀ ਦੇ ਖਤਰਿਆਂ ਨੂੰ ਨਜ਼ਰਅੰਦਾਜ਼ ਕੀਤਾ ਜਾਂਦਾ ਹੈ। ਇਸ ਕਰਕੇ ਮਾਨਸਿਕ ਸਿਹਤ ਸਮੱਸਿਆਵਾਂ ਪ੍ਰਤੀ ਜਾਗਰੂਕ ਹੋਣਾ ਬਹੁਤ ਜ਼ਰੂਰੀ ਹੈ। ਜਾਗਰੂਕ ਹੋਣ ਨਾਲ਼ ਲੋਕ ਇਸ ਬਿਮਾਰੀ ਬਾਰੇ ਗੱਲ ਕਰਨ ਲਈ ਉਤਸ਼ਾਹਿਤ ਹੋਣਗੇ। ਮਾਨਸਿਕ ਤਣਾਅ, ਚਿੰਤਾ ਅਤੇ ਉਦਾਸੀ ਦੇ ਕਾਰਨ ਦੁਨੀਆ ਦੇ ਬਹੁਤ ਸਾਰੇ ਲੋਕ ਸਮਾਜਿਕ-ਕਲੰਕ, ਦਿਮਾਗੀ ਕਮਜ਼ੋਰੀ, ਹਿਸਟੀਰੀਆ, ਚਿੰਤਾ, ਇਨਸੌਮਨੀਆ ਤੋਂ ਪੀੜਤ ਹਨ। ਕਈ ਤਰ੍ਹਾਂ ਦੀਆਂ ਸਮੱਸਿਆਵਾਂ ਅਤੇ ਮਾਨਸਿਕ ਬਿਮਾਰੀਆਂ ਤੋਂ ਪੀੜਤ ਵਿਸ਼ਵ ਮਾਨਸਿਕ ਸਿਹਤ ਦਿਵਸ ਇਨ੍ਹਾਂ ਸਮੱਸਿਆਵਾਂ ਵੱਲ ਲੋਕਾਂ ਦਾ ਧਿਆਨ ਖਿੱਚਣ ਅਤੇ ਲੋਕਾਂ ਵਿੱਚ ਜਾਗਰੂਕਤਾ ਫੈਲਾਉਣ ਦੇ ਉਦੇਸ਼ ਨਾਲ ਮਨਾਇਆ ਜਾਂਦਾ ਹੈ।



# ਗੁਰੂ ਕਾਸ਼ੀ ਯੂਨੀਵਰਸਿਟੀ ਅਤੇ ਯੂਨੀਵਰਸਿਟੀ ਆਫ ਮੈਸੂਰ, ਮੈਸੂਰੂ ਵਿਚਾਲੇ ਦੁਵੱਲਾ ਸਮਝੌਤਾ ਸਹੀਬੱਧ



ਤਲਵੰਡੀ ਸਾਬੋ, 10 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਨਵੀਂ ਤਕਨੀਕ, ਖੋਜ ਕਾਰਜਾਂ ਨੂੰ ਉਤਸਾਹਿਤ ਕਰਨ, ਉਚੇਰੀ ਤੇ ਮਿਆਰੀ ਸਿੱਖਿਆ ਦੇ ਪ੍ਰਚਾਰ ਪ੍ਰਸਾਰ ਲਈ ਸ. ਗੁਰਲਾਭ ਸਿੰਘ ਸਿੱਧੂ ਚਾਂਸਲਰ, ਸ. ਸੁਖਰਾਜ ਸਿੰਘ ਸਿੱਧੂ ਮੈਨੇਜਿੰਗ ਡਾਇਰੈਕਟਰ ਦੀ ਪ੍ਰੇਰਨਾ ਸਦਕਾ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਕਾਰਜਕਾਰੀ ਉਪ-ਕੁਲਪਤੀ ਪ੍ਰੋ.(ਡਾ.) ਪਿਯੂਸ਼ ਵਰਮਾ ਤੇ ਯੂਨੀਵਰਸਿਟੀ ਆਫ਼ ਮੈਸੂਰ, ਮੈਸੂਰੂ ਦੇ ਉਪ-ਕੁਲਪਤੀ ਪ੍ਰੋ.(ਡਾ.) ਲੋਕਾਨਾਥ ਐਨ.ਕੇ. ਵੱਲੋਂ ਦੁਵੱਲਾ ਸਮਝੌਤਾ ਹਸਤਾਖਰਿਤ ਕੀਤਾ ਗਿਆ। ਇਸ ਮੌਕੇ ਯੂਨੀਵਰਸਿਟੀ ਦੇ ਮਨੁੱਖੀ ਸਰੋਤ ਵਿਕਾਸ ਸੈੱਲ ਵੱਲੋਂ ਉਚੇਰੀ ਸਿੱਖਿਆ ਵਿੱਚ ਖੋਜ ਅਤੇ ਕਾਢ ਵਿਸ਼ੇ ਤੇ ਸੈਮੀਨਾਰ ਵੀ ਆਯੋਜਿਤ ਕੀਤਾ ਗਿਆ। ਸਮਝੌਤੇ ਬਾਰੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸ. ਸਿੱਧੂ ਨੇ ਕਿਹਾ ਕਿ ਨਵੀਂ ਸਿੱਖਿਆ ਨੀਤੀ 2020 ਅਨੁਸਾਰ ਭਾਰਤ ਵਿਚ ਉਚੇਰੀ ਸਿੱਖਿਆ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਵਖ-ਵਖ ਵਿਦਿਅਕ ਆਦਾਰਿਆਂ ਨੂੰ ਮਿਲ ਕੇ ਕੰਮ ਕਰਨਾ ਪਵੇਗਾ, ਜਿਸਨੂੰ ਲਾਗੂ ਕਰਕੇ ਜੀ.ਕੇ ਯੂ. ਨੇ ਅਮਲੀ ਜਾਮਾ ਪਹਿਨਾਇਆ ਹੈ। ਉਹਨਾਂ ਇਸ ਸਮਝੌਤੇ ਤੇ ਦੋਹੇਂ ਵਿਦਿਅਕ ਆਦਾਰਿਆਂ ਦੇ ਅਧਿਕਾਰੀਆਂ ਨੂੰ ਵਧਾਈ ਦਿੱਤੀ। ਡਾ. ਵਰਮਾ ਨੇ ਸਮਝੌਤੇ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਅਨੁਸਾਰ ਦੋਹੇਂ ਧਿਰਾਂ ਦੇ ਫੈਕਲਟੀ ਮੈਂਬਰ, ਖੋਜਾਰਥੀ ਅਤੇ ਵਿਦਿਆਰਥੀ ਖੋਜ ਕਾਰਜਾਂ ਲਈ ਆਫ-ਲਾਇਨ ਤੇ ਆਨ-ਲਾਇਨ ਲੈਕਚਰ, ਵਰਕਸ਼ਾਪ, ਸੈਮੀਨਾਰ, ਮੀਟਿੰਗ ਦਾ ਆਯੋਜਨ ਕਰਨਗੇ ਅਤੇ ਉਹ ਇਕ ਦੂਜੇ ਦੀਆਂ ਵਿਦਿਅਕ ਸੰਸਥਾਵਾਂ ਦਾ ਦੌਰਾ ਵੀ ਕਰ ਸਕਦੇ ਹਨ। ਦੋਹੇਂ ਧਿਰਾਂ ਵਿਦਿਅਕ ਆਦਾਰਿਆਂ ਵਿਚ ਉਪਲਬਧ ਲਾਇਬ੍ਰੇਰੀ, ਪ੍ਰਯੋਗਸ਼ਾਲਾਵਾਂ, ਸੰਸਥਾਗਤ ਢਾਂਚੇ ਦਾ ਸਾਂਝੇ ਤੌਰ 'ਤੇ ਇਸਤੇਮਾਲ ਕਰ ਸਕਣਗੇ ਅਤੇ ਬੌਧਿਕ ਸੰਪਦਾ ਦੇ ਵਿਕਾਸ ਲਈ ਸਹਿਯੋਗ ਕਰਨਗੇ।ਸੈਮੀਨਾਰ ਦੇ ਮੁੱਖ ਮਹਿਮਾਨ ਅਤੇ ਮੁੱਖ ਵਕਤਾ ਡਾ. ਲੋਕਾਨਾਥ ਨੇ ਕਿਹਾ ਕਿ ਆਧੁਨਿਕ ਤਕਨੀਕ, ਖੋਜ ਕਾਰਜਾਂ ਅਤੇ ਕਾਢਾਂ ਨੂੰ ਉਚੇਰੀ ਸਿੱਖਿਆ ਦਾ ਮੂੰਹ ਮੁਹਾਂਦਰਾ ਬਦਲ ਕੇ ਰੱਖ ਦਿੱਤਾ ਹੈ ਉਹਨਾਂ ਦੋਹਾਂ ਧਿਰਾਂ ਨੂੰ ਨਵੀਂ ਖੋਜ ਤਕਨੀਕ ਸਹਿਯੋਗ ਅਤੇ ਬੌਧਿਕ ਸੰਪਦਾ ਦੇ ਅਦਾਨ ਪ੍ਰਦਾਨ ਦਾ ਇਸਤੇਮਾਲ ਕਰਕੇ ਖੋਜ ਪੱਧਰ ਨੂੰ ਉਚੇਰਾ ਕਰਨ ਦੀ ਗੱਲ ਕੀਤੀ। ਉਹਨਾਂ ਅਕਾਦਮਿਕ ਖੇਤਰ ਵਿੱਚ ਇੱਕ ਦੂਜੇ ਦੀ ਮਹਾਰਤ ਦਾ ਪ੍ਰਯੋਗ ਕਰਕੇ ਸਿੱਖਿਆ ਦੇ ਬਹੁ ਪੱਖੀ ਵਿਕਾਸ ਦੀ ਉਮੀਦ ਜਤਾਈ। ਸੈਮੀਨਾਰ ਵਿੱਚ ਉਹਨਾਂ ਖੁਜ਼ਾਰਤੀਆਂ ਤੇ ਵਿਦਿਆਰਥੀਆਂ ਦੇ ਸਵਾਲਾਂ ਦੇ ਜਵਾਬ ਦਿੱਤੇ ਅਤੇ ਉੱਤਮ ਖੋਜ ਕਾਰਜਾਂ ਦੇ ਨੁਕਤੇ ਸਾਂਝੇ ਕੀਤੇ। ਇੰਜੀਨੀਅਰ ਸੁਨੀਲ ਨਾਗਪਾਲ ਨੇ ਧੰਨਵਾਦੀ ਭਾਸ਼ਣ ਵਿੱਚ ਕਿਹਾ ਕਿ ਇਸ ਤਰ੍ਹਾਂ ਦੇ ਸੈਮੀਨਾਰ ਇੱਕ ਦੂਜੇ ਦੇ ਰਿਸ਼ਤਿਆਂ ਨੂੰ ਮਜਬੂਤ ਕਰਦੇ ਹਨ ਅਤੇ ਨਵੀਆਂ ਕਾਢਾਂ ਲਈ ਨਵੀਆਂ ਸੰਭਾਵਨਾਵਾਂ ਪੈਦਾ ਕਰਦੇ ਹਨ।

# ਸਮਰਾ ਨੂੰ ਮੀਤ ਪ੍ਰਧਾਨ ਦੀ ਰੈਵੀਨਿਊ ਪਟਵਾਰ ਪੰਜਾਬ ਚੁਣੇ ਜਾਣ ਤੇ ਖ਼ੁਸ਼ੀ ਦੀ ਲਹਿਰ

**ਜੰਡਿਆਲਾ ਗੁਰੂ, 10 ਅਕਤੂਬਰ ( ਕੁਲਵੰਤ ਸਿੰਘ ਵਿਰਦੀ)**-ਪਿਛਲੇ ਦਿਨੀ ਦੀ ਰੈਵੀਨਿਊ ਪਟਵਾਰ ਯੂਨੀਅਨ ਰਜ਼ਿ.ਪੰਜਾਬ ਦੀ ਚੋਣ ਦੌਰਾਨ ਸ੍ਰ:ਹਰਪਾਲ ਸਿੰਘ ਸਮਰਾ ਜ਼ੋ ਕੇ ਪਹਿਲਾਂ ਤਹਿਸੀਲ ਪ੍ਰਧਾਨ,ਫਿਰ ਜ਼ਿਲ੍ਹਾ ਜਨਰਲ ਸਕੱਤਰ ਦੀ ਸੇਵਾ ਨਿਭਾਉਣ ਤੋਂ ਬਾਅਦ ਜ਼ਿਲ੍ਹਾ ਅੰਮ੍ਰਿਤਸਰ ਸਾਹਿਬ ਦੇ ਪ੍ਰਧਾਨ ਦੀ ਸੇਵਾ ਨਿਭਾਅ ਚੁੱਕੇ ਹਨ। ਉਹਨਾਂ ਦੀਆਂ ਬੇਹਤਰੀਨ ਸੇਵਾਵਾਂ ਨੂੰ ਵੇਖਦਿਆਂ ਪੰਜਾਬ ਬਾਡੀ ਵਲੋਂ ਸ੍ ਹਰਪਾਲ ਸਿੰਘ ਸਮਰਾ ਸਾਹਬ.. ਨੂੰ ਸੂਬੇ ਦਾ ਮੀਤ ਪ੍ਰਧਾਨ ਥਾਪਿਆ ਗਿਆ ਹੈ ।ਜਿਸ ਨਾਲ ਸਮੂਹ ਪਟਵਾਰ ਜਗਤ ਪੰਜਾਬ ਭਰ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ ।ਇਸ ਮੌਕੇ ਸ੍:ਸਮਰਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਹ ਪਹਿਲਾਂ ਨਾਲੋਂ ਵੀ ਵੱਧ ਜਥੇਬੰਦੀ ਦੀ ਚੜ੍ਹਦੀ ਕਲਾ ਲਈ ਤਨ,ਮਨ,ਧਨ, ਨਾਲ ਪਟਵਾਰੀਆਂ ਦੀਆਂ ਮੁਸਕਿਲਾਂ ਦਾ ਹੱਲ ਕਰਨ ਲਈ ਦਿਨ ਰਾਤ ਸੇਵਾ ਕਰਨਗੇ । ਉਹਨਾਂ ਸਮੂਹ ਜ਼ਿਲ੍ਹਿਆਂ ਦੇ ਨੁਮਾਇੰਦਾ ਪੰਜਾਬ ਸਾਹਿਬਾਨ, ਜ਼ਿਲ੍ਹਾ ਪ੍ਰਧਾਨ ਸਾਹਿਬਾਨ ਤੇ ਸਮੂਹ ਜ਼ਿਲ੍ਹਿਆਂ ਦੇ ਪਟਵਾਰੀ ਸਹਿਬਾਨਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਜਿਨਾ ਨੇ ਉਹਨਾਂ ਨੂੰ ਐਨਾ ਮਾਣ ਸਤਿਕਾਰ ਬਖਸ਼ਿਆ ਹੈ, ਇਸ ਮੌਕੇ ਉਨ੍ਹਾਂ ਨਾਲ ਭਾਰੀ ਮਾਤਰਾ ਵਿੱਚ ਪਟਵਾਰੀ ਸਾਹਿਬਾਨ ਮੌਜੂਦ ਸਨ।

> **ਪਟਵਾਰੀਆਂ ਨੂੰ ਆਉਂਦੀਆਂ ਮੁਸ਼ਕਲਾਂ ਦੇ ਹੱਲ ਲਈ ਦਿਨ ਰਾਤ ਸੇਵਾ 'ਚ ਹਾਜ਼ਰ ਹਾਂ : ਸਮਰਾ**



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

11 ਅਕਤੂਬਰ ਨੂੰ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਇਨਲਿਸਟਮੈਂਟ ਅਤੇ ਆਊਟਸੋਰਸ ਠੇਕਾ ਮੁਲਾਜਮ

# ਪੰਜਾਬ ਸਰਕਾਰ ਦਾ ਪੁਤਲਾ ਫੂਕ ਕੇ ਕਰਨਗੇ ਪ੍ਰਦਰਸ਼ਨ : ਗੁਪਿੰਦਰ ਸਿੰਘ



**ਫਿਰੋਜ਼ਪੁਰ, 10 ਅਕਤੂਬਰ ( ਸੁਖਮੰਦਰ ਸਿੰਘ ਸ਼ਾਤ)** - ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੇ ਜ਼ਿਲਾ ਫਿਰੋਜਪੁਰ ਦੀ ਪ੍ਰਧਾਨ ਬਲਕਾਰ ਸਿੰਘ ਜਨਰਲ ਸਕੱਤਰ ਹਰਜਿੰਦਰ ਸਿੰਘ ਮੋਮੀ ਨੇ ਅੱਜ ਇਥੇ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪੰਜਾਬ 'ਚ ਸਾਲਾਂਬੱਧੀ ਸਮੇਂ ਤੋਂ ਇਕ ਵਰਕਰ ਦੇ ਰੂਪ ਵਿਚ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਅਤੇ ਆਊਟਸੋਰਸ ਠੇਕਾ ਅਧਾਰਿਤ ਮੁਲਾਜਮਾਂ ਨੂੰ ਉਨ੍ਹਾਂ ਦੇ ਤਜਰਬੇ ਦੇ ਅਧਾਰ ਤੇ ਸਬੰਧਤ ਵਿਭਾਗ ਵਿਚ ਮਰਜ ਕਰਕੇ ਪੱਕੇ ਰੁਜਗਾਰ ਦਾ ਪ੍ਰਬੰਧ ਕਰਨ ਵਾਲੀ ਪ੍ਰਪੋਜਲ ਨੂੰ ਲਾਗੂ ਕਰਨਾ ਅਤੇ ਜਦੋ ਤੱਕ ਇਹ ਮੰਗ ਪੂਰੀ ਨਹੀਂ ਕੀਤੀ ਜਾਂਦੀ ਉਸ ਸਮੇਂ ਤੱਕ ਵੱਧਦੀ ਮਹਿਗਾਈ ਨੂੰ ਮੁੱਖ ਰੱਖ ਕੇ ਕਿਰਤ ਕਾਨੂੰਨ ਦੇ ਮੁਤਾਬਿਕ ਵਧੀਆਂ ਉਜਰਤਾਂ ਵਿਚ ਵਾਧਾ ਕਰਨਾ, ਈ.ਪੀ.ਐਫ., ਈ.ਐਸ.ਆਈ. ਅਤੇ 8.33 ਪ੍ਰਤੀਸ਼ਤ ਬੋਨਸ ਲਾਗੂ ਕਰਨਾ, ਜਲ ਸਪਲਾਈ ਸਕੀਮਾਂ 'ਤੇ ਸਕਾਡਾ ਸਿਸਟਮ ਲਗਾ ਕੇ ਨਿੱਜੀਕਰਨ/ਪੰਚਾਇਤੀਕਰਨ ਕਰਨ ਦੀਆਂ ਲੋਕ ਨੀਤੀਆਂ ਨੂੰ ਰੱਦ ਕਰਨਾ ਸਮੇਤ ਮੰਗ-ਪੱਤਰ ਵਿਚ ਦਰਜ ਤਮਾਮ ਮੰਗਾਂ ਦਾ ਹੱਲ ਕੀਤਾ ਜਾਵੇ। ਜੇਕਰ 22 ਅਕਤੂਬਰ 2024 ਨੂੰ ਕੈਬਨਿਟ ਸਬ ਕਮੇਟੀ ਦੇ ਮੰਤਰੀਆਂ ਅਤੇ ਵਿਭਾਗੀ ਅਧਿਕਾਰੀਆਂ ਨਾਲ ਹੋਣ ਵਾਲੀ ਪੈਨਲ ਮੀਟਿੰਗ ਵਿਚ ਯੂਨੀਅਨ ਦੀਆਂ ਮੰਗਾਂ ਦਾ ਹੱਲ ਨਹੀਂ ਕੀਤਾ ਜਾਂਦਾ ਜਾਂ ਇਸ 'ਪੈਨਲ-ਮੀਟਿੰਗ' ਨੂੰ ਰੱਦ ਕੀਤਾ ਜਾਂਦਾ ਹੈ ਤਾਂ ਯੂਨੀਅਨ ਵੱਲੋਂ ਮਜਬੂਰ ਹੋ ਕੇ ਪੰਜਾਬ ਸਰਕਾਰ ਅਤੇ ਵਿਭਾਗੀ ਮੈਨੇਜਮੈਂਟ ਦੇ ਵਿਰੁੱਧ ਮਿਤੀ 25 ਅਕਤੂਬਰ 2024 ਨੂੰ ਸੰਗਰੂਰ ਵਿਖੇ ਜਲ ਸਪਲਾਈ ਵਰਕਰਾਂ ਵੱਲੋਂ ਆਪਣੇ ਪਰਿਵਾਰਾਂ ਅਤੇ ਬੱਚਿਆ ਸਮੇਤ ਪੂਰ ਅਮਨ ਢੰਗ ਨਾਲ ਸੂਬਾ ਕਮੇਟੀ ਦੇ ਸੱਦੇ ਤੇ ਸੂਬਾ ਪੱਧਰੀ ਧਰਨਾ ਦਿੱਤਾ ਜਾ ਰਿਹਾ। ਇਸ ਤਿਆਰੀ ਵੱਜੋਂ ਦੁਸ਼ਹਿਰੇ ਦੇ ਇਕ ਦਿਨ ਪਹਿਲਾਂ 11 ਅਕਤੂਬਰ ਨੂੰ ਜਿਲ੍ਹਾ ਫਿਰੋਜਪੁਰ ਵੱਲੋ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਜਾਵੇਗਾ ਅਤੇ ਸੂਬਾ ਕਮੇਟੀ ਦੇ ਫੈਸਲੇ ਮੁਤਾਬਿਕ 25 ਅਕਤੂਬਰ ਨੂੰ ਵੱਡੀ ਗਿਣਤੀ ਵਿਚ ਜਲ ਸਪਲਾਈ ਵਰਕਰ ਆਪਣੇ ਪਰਿਵਾਰਾਂ ਅਤੇ ਬੱਚਿਆ ਸਮੇਤ ਬਸੰਤੀ ਰੰਗ ਵਿਚ ਸੱਜ ਕੇ ਵਹੀਰਾ ਘੱਤ ਕੇ ਸੰਗਰੂਰ ਦੀ ਧਰਤੀ ਤੇ ਪੁੱਜਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

**25 ਅਕਤੂਬਰ ਨੂੰ ਵਿੱਤ ਮੰਤਰੀ ਦੇ ਸ਼ਹਿਰ ਸੰਗਰੂਰ ਧਰਨੇ ਵਿੱਚ ਪਰਿਵਾਰਾਂ ਸਮੇਤ ਪਹੁੰਚਣ ਦਾ ਐਲਾਨ ਆਗੂ**

ਹਠੂਰ ਵਿੱਚ ਉਮੀਦਵਾਰ ਦਵਿੰਦਰ ਸਿੰਘ ਬੱਬੀ ਗਰੇਵਾਲ ਦਾ

# ਜੈਕਾਰਿਆਂ ਦੀ ਗੂੰਜ ਵਿੱਚ ਸਿਰੋਪਾਓ ਪਾ ਕੇ ਕੀਤਾ ਸਨਮਾਨਿਤ




ਹਠੂਰ/ ਜਗਰਾਉਂ -(ਵਰਿਆਮ ਹਠੂਰ) ਇਤਿਹਾਸਕ ਕਸਬਾ ਹਠੂਰ ਵਿੱਚ ਉਮੀਦਵਾਰਾਂ ਨੂੰ ਚੋਣ ਨਿਸ਼ਾਨ ਮਿਲਣ ਤੋਂ ਬਾਅਦ ਚੋਣਾਂ ਦਾ ਮਹੌਲ ਹੋਰ ਵੀ ਦਿਲਚਸਪ ਹੁੰਦਾ ਜਾ ਰਿਹਾ ਹੈ। ਤੇ ਸਰਪੰਚੀ ਦੀ ਚੋਣ ਲਈ ਚਾਰੇ ਉਮੀਦਵਾਰਾਂ ਵੱਲੋਂ ਆਪੋ ਆਪਣੇ ਚੋਣ ਪ੍ਰਚਾਰ ਲਈ ਅੱਡੀ ਚੋਟੀ ਦਾ ਜ਼ੋਰ ਲਗਾਇਆ ਜਾ ਰਿਹਾ ਹੈ। ਜੇ ਦਵਿੰਦਰ ਸਿੰਘ ਬੱਬੀ ਗਰੇਵਾਲ ਦੇ ਚੋਣ ਪ੍ਰਚਾਰ ਦੀ ਗੱਲ ਕਰੀਏ ਤਾਂ ਉਮੀਦਵਾਰ ਦਵਿੰਦਰ ਸਿੰਘ ਬੱਬੀ ਗਰੇਵਾਲ ਨੂੰ ਨਗਰ ਵਿੱਚ ਵੱਖ ਵੱਖ ਥਾਵਾਂ ਤੇ ਲੋਕਾਂ ਨਾਲ ਰਾਬਤਾ ਕਾਇਮ ਕਰਨ ਮੌਕੇ ਅਨੇਕਾਂ ਸਤਿਕਾਰਯੋਗ ਸ਼ਖ਼ਸੀਅਤਾਂ ਵੱਲੋਂ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਦੀ ਗੂੰਜ ਵਿੱਚ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ, ਤੇ ਚਟਾਨ ਵਾਂਗ ਮੌਢੇ ਨਾਲ ਮੋਢਾ ਲਾ ਕੇ ਨਾਲ ਖੜਣ ਦਾ ਭਰੋਸਾ ਦਵਾਇਆ, ਤੇ ਦਵਿੰਦਰ ਸਿੰਘ ਗਰੇਵਾਲ ਨੇ ਵੀ ਸਾਰੀਆਂ ਸਤਿਕਾਰਯੋਗ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ, ਪ੍ਰੈੱਸ ਨਾਲ ਗੱਲਬਾਤ ਕਰਦਿਆਂ ਉਮੀਦਵਾਰ ਦਵਿੰਦਰ ਸਿੰਘ ਬੱਬੀ ਗਰੇਵਾਲ ਨੇ ਕਿਹਾ ਕਿ ਸਮੂਹ ਨਗਰ ਨਿਵਾਸੀਆਂ ਵੱਲੋਂ ਬੇਹੱਦ ਪਿਆਰ ਅਤੇ ਸਤਿਕਾਰ ਦਿੱਤਾ ਜਾ ਰਿਹਾ ਹੈ। ਜਿਸ ਦਾ ਕਦੇ ਵੀ ਦੇਣ ਨਹੀਂ ਦੇ ਸਕਦੇ, ਉਨ੍ਹਾਂ ਕਿਹਾ ਕਿ ਜੇਕਰ ਹਠੂਰ ਨਗਰ ਨਿਵਾਸੀਆਂ ਨੇ ਉਨ੍ਹਾਂ ਨੂੰ ਨਗਰ ਦੀ ਸੇਵਾ ਕਰਨ ਦਾ ਮੌਕਾ ਦਿੱਤਾ ਤਾਂ ਉਹ ਨਗਰ ਦਾ ਸਰਪੰਚ ਬਣ ਕੇ ਨਹੀਂ ਸਗੋਂ ਸੇਵਾਦਾਰ ਬਣ ਕੇ ਕੰਮ ਕਰਨਗੇ। ਤੇ ਪਿੰਡ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਆਪਣਾ ਅਹਿਮ ਰੋਲ ਅਦਾ ਕਰਨਗੇ ਤੇ ਲੋਕਾਂ ਦੀ ਉਮੀਦ ਤੋਂ ਵਧ ਕੇ ਕੰਮ ਕਰਕੇ ਵਿਖਾਉਣਗੇ, ਤੇ ਜੋ ਨੌਜਵਾਨ ਘਾਤਕ ਨਸ਼ਿਆਂ ਦੀ ਦਲਦਲ ਵਿੱਚ ਫਸ ਚੁੱਕੇ ਹਨ। ਉਨ੍ਹਾਂ ਨੂੰ ਬਰਬਾਦ ਹੋਣ ਤੋਂ ਬਚਾਉਣ ਲਈ ਵੀ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਕਦਮ ਚੁੱਕਾਂਗੇ ਤੇ ਨੌਜਵਾਨਾਂ ਨੂੰ ਭੈੜੀਆਂ ਅਲਾਮਤਾਂ ਵੱਲੋਂ ਮੋੜ ਕੇ ਖੇਡ ਗਰਾਊਂਡਾ ਨਾਲ ਜੋੜਨ ਲਈ ਉਪਰਾਲੇ ਕਰਾਂਗੇ ਜਿਸ ਲਈ ਮੈਂ ਨਗਰ ਤੋਂ ਝੋਲੀ ਅੱਡ ਕੇ ਨਗਰ ਦੀ ਸੇਵਾ ਕਰਨ ਦਾ ਪਲੇਟਫਾਰਮ ਮੰਗ ਰਿਹਾ ਹਾਂ, ਮੈਨੂੰ ਪੂਰੀ ਉਮੀਦ ਹੈ ਕਿ ਨਗਰ ਨੂੰ ਖੂਬਸੂਰਤ ਬਣਾਉਣ ਲਈ ਨਗਰ ਨਿਵਾਸੀ ਮੈਨੂੰ ਸੇਵਾ ਦਾ ਮੌਕਾ ਜ਼ਰੂਰ ਦੇਣਗੇ। ਤੇ ਨਗਰ ਨੂੰ ਖੂਬਸੂਰਤ ਵੇਖਣ ਦਾ ਮੇਰਾ ਡਰੀਮ ਵੀ ਪੂਰਾ ਹੋਵੇਗਾ।

**ਨਗਰ ਨਿਵਾਸੀ ਮੌਕਾ ਦੇਣ ਸਰਪੰਚ ਬਣਕੇ ਨਹੀਂ ਸੇਵਾਦਾਰ ਬਣ ਕੇ ਕਰਾਂਗੇ ਪਿੰਡ ਦੀ ਸੇਵਾ : ਦਵਿੰਦਰ ਸਿੰਘ ਗਰੇਵਾਲ**

ਆਵਾਜ਼ਿ ਕੌਮ AWAZE QAUM International Newspaper & WEB TV



# ਵਿਸ਼ਵ ਦ੍ਰਿਸ਼ਟੀ ਦਿਵਸ ਮੌਕੇ ਅੱਖਾਂ ਦੀ ਰੌਸ਼ਨੀ ਦੀ ਨਿਯਮਿਤ ਜਾਂਚ ਕਰਾਉਣੀ ਅਤਿ ਜ਼ਰੂਰੀ : ਸਿਵਲ ਸਰਜਨ ਡਾ : ਕਿਰਨਦੀਪ ਕੌਰ




**ਚੌਕ ਮਹਿਤਾ, 10ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਕਮਿਊਨਿਟੀ ਹੈਲਥ ਸੈਂਟਰ ਮਾਨਾਵਾਲਾ ਅਤੇ ਸ੍ਰੀ ਮਦਨ ਲਾਲ ਪੂਰਨ ਦੇਵੀ ਜੈਨ ਟਰਸਟ ਜੰਡਿਆਲਾ ਗੁਰੂ ਵੱਲੋਂ ਵਿਸ਼ਵ ਦ੍ਰਿਸ਼ਟੀ ਦਿਵਸ ਮੌਕੇ ਇੱਕ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਜਿਸ ਤਹਿਤ ਸੇਂਟ ਸੋਲਜਰ ਐਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਦੇ ਵਿਦਿਆਰਥੀਆਂ ਨੂੰ ਅੱਖਾਂ ਦੀ ਸਾਂਭ ਸੰਭਾਲ ਅਤੇ ਸਾਫ ਸਫਾਈ ਬਾਰੇ ਜਾਣਕਾਰੀ ਦਿੱਤੀ ਗਈ ਇਸ ਮੌਕੇ ਸਿਵਲ ਸਰਜਨ ਡਾ.ਕਿਰਨਦੀਪ ਕੌਰ ਮੁੱਖ ਮਹਿਮਾਨ ਵਜੋਂ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਸੁਮੀਤ ਸਿੰਘ ਜੀ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ। ਇਸ ਪ੍ਰੋਗਰਾਮ ਦੀ ਸ਼ੁਰੂਆਤ ਇਕ ਆਡੀਓ ਵੀਡੀਓ ਰਾਹੀਂ ਅੱਖਾਂ ਦੀ ਸਾਂਭ ਸੰਭਾਲ ਬਾਰੇ ਜਾਣਕਾਰੀ ਦਿੱਤੀ ਗਈ।ਇਸ ਬਾਰੇ ਵਿਦਆਰਥੀਆਂ ਨਾਲ ਗੱਲਬਾਤ ਕਰਦੇ ਮਾਹਿਰ ਡਾਕਟਰਾਂ ਵਲੋ ਵਿਦਆਰਥੀਆਂ ਨੂੰ ਮੋਬਾਇਲ ਫੋਨ ਅਤੇ ਕੰਪਿਊਟਰ ਦੀ ਲੋੜ ਤੋਂ ਵੱਧ ਵਰਤੋਂ ਅੱਖਾਂ ਲਈ ਘਾਤਕ ਸਿੱਧ ਹੋ ਸਕਦੀ ਹੈ। ਓਹਨਾਂ ਕਿਹਾ ਵਾਰ ਅੱਖਾਂ ਨੂੰ ਬਾਰ ਮਲਣ ਨਾਲ ਵੀ ਅੱਖਾਂ ਦੇ ਵਿੱਚ ਇਨਫੈਕਸ਼ਨ ਹੋਣ ਦਾ ਖਤਰਾ ਜਾ ਸਹੀ ਖੁਰਾਕ ਨਾਲ ਲੈਣਾ ਵੀ ਅੱਖਾਂ ਦੀ ਰੌਸ਼ਨੀ ਉੱਤੇ ਅਸਰ ਕਰਦੀ ਹੈ। ਓਹਨਾਂ ਵਿਦਆਰਥੀਆਂ ਨੂੰ ਸੁਝਾਓ ਦਿੱਤਾ ਜੇਕਰ ਅੱਖਾਂ ਤੋਂ ਦੇਖਣ ਵਿੱਚ ਕੋਈ ਵੀ ਹਲਕੀ ਤੋਂ ਗੰਭੀਰ ਮੁਸ਼ਿਕਲ ਆ ਰਹੀ ਹੈ, ਤੁਰੰਤ ਆਪਣੇ ਨੇੜੇ ਦੇ ਸਿਹਤ ਕੇਂਦਰ ਤੋਂ ਅੱਖਾਂ ਦੀ ਰੌਸ਼ਨੀ ਦੀ ਜਾਂਚ ਕਰਾਉਣੀ ਚਾਹੀਦੀ ਹੈ ਅਤੇ ਆਪਣੀ ਖੁਰਾਕ ਵਿੱਚ ਵਿਟਾਮਿਨ ਏ ਅਤੇ ਸੀ ਵਾਲੀ ਖ਼ੁਰਾਕ ਜਰੂਰ ਲੈਣੀ ਚਾਹੀਦੀ ਹੈ ਇਸ ਮੌਕੇ ਸਿਵਲ ਸਰਜਨ ਡਾਕਟਰ ਕਿਰਨਦੀਪ ਕੌਰ ਨੇ ਕਿਹਾ ਕਿ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਲਗਾਤਾਰ ਨੈਸ਼ਨਲ ਪ੍ਰੋਗਰਾਮ ਆਨ ਕੰਟਰੋਲ ਆਫ ਬਲਾਇੰਡਨੈਸ ਅਤੇ ਵਿਜੁਅਲ ਇਮਪੇਅਰਮੈਂਟ ਤਹਿਤ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ, ਓਹਨਾਂ ਬੱਚਿਆਂ ਨੂੰ ਕਿਹਾ ਕਿ ਅੱਖਾਂ ਦੀ ਰੌਸ਼ਨੀ ਰੌਸ਼ਨੀ ਲਈ ਚੰਗੀ ਖੁਰਾਕ ਜਰੂਰ ਲੈਣ, ਇਲੈਕਟ੍ਰੋਨਿਕ ਗੈਜੇਟ ਦੀ ਵਰਤੋਂ ਲੋੜ ਤੋਂ ਵੱਧ ਨਾ ਕਰਨ ਅਤੇ ਜੇਕਰ ਰੌਸ਼ਨੀ ਅੱਖਾਂ ਦੀ ਘੱਟ ਹੈ ਤਾਂ ਚਸ਼ਮਾ ਲਗਾਉਣ ਨੂੰ ਹੀਣ ਭਾਵਨਾ ਨਾਲ ਨਾ ਦੇਖਿਆ ਜਾਵੇ। ਓਹਨਾਂ ਕਿਹਾ ਕਿ ਰਾਸ਼ਟਰੀ ਪ੍ਰੋਗਰਾਮ ਸਿਹਤ ਵਿਭਾਗ ਦਾ ਟੀਚਾ ਹੈ ਕਿ ਸਾਲ 2025 ਤੱਕ ਲੋਕਾਂ ਵਿੱਚ ਅੱਖਾਂ ਦੀ ਰੌਸ਼ਨੀ ਸੰਬੰਧੀ ਜੋ ਸਮੱਸਿਆਵਾਂ ਦੇ ਪ੍ਰਚਲਨ ਨੂੰ 0.25% ਤੱਕ ਲੈ ਕੇ ਆਉਣਾ ਹੈ ਅਤੇ ਇਸ ਮੰਤਵ ਦੀ ਪੂਰਤੀ ਲਈ ਸੀ.ਐੱਚ.ਸੀ ਲੈਵਲ ਤੇ ਅੱਖਾਂ ਦੀ ਰੌਸ਼ਨੀ ਦੀ ਸਮੇਂ ਜਾਂਚ ਜਰੂਰ ਕਰਵਾਉਣ ਚਾਹੀਦੀ ਹੈ ਤਾਂ ਜੋ ਕਿਸੇ ਤਰ੍ਹਾਂ ਦੀ ਅਣਗਿਹਲੀ ਨਾਲ ਹੋਣ ਅੰਨ੍ਹੇਪਣ ਤੋਂ ਬੱਚਿਆਂ ਜਾ ਸਕੇ ਇਸ ਮੌਕੇ ਡਾਕਟਰ ਸੁਮੀਤ ਸਿੰਘ, ਐਸ.ਐਮ.ਓ ਮਾਨਾਂਵਾਲਾ ਵਲੋ ਵੀ ਵਿਦਿਆਰਥੀਆਂ ਨੂੰ ਅਪਣਾ ਲਾਈਫ ਸਟਾਈਲ ਦਰੁਸਤ ਕਰਨ ਲਈ ਕਿਹਾ ਅਤੇ ਚੰਗੀ ਖੁਰਾਕ ਦੀ ਮਹਤਤਾ ਬਾਰੇ ਜਾਗਰੂਕ ਕੀਤਾ। ਇਸ ਮੌਕੇ ਜ਼ਿਲਾ ਮਾਸ ਮੀਡੀਆ ਅਫ਼ਸਰ ਸ. ਅਮਰਦੀਪ ਸਿੰਘ, ਅਪਥਾਲਮਿਕ ਅਫ਼ਸਰ ਲਕਸ਼ਮੀ ਛਾਇਆ, ਮਦਨ ਲਾਲ ਪੂਰਨ ਦੇਵੀ ਜੈਨ ਟਰੱਸਟ ਦੇ ਚੇਅਰਮੈਨ ਕੇ.ਆਰ ਜੈਨ, ਮੋਹਿਨੀ ਜੈਨ, ਯੋਗੇਸ਼ ਜੈਨ, ਏ.ਐਸ ਮਲਹੋਤਰਾ ਪ੍ਰੋਜੈਕਟ ਕੋਆਰਡੀਨੇਟਰ, ਸਕੂਲ ਡਾਇਰੈਕਟਰ ਸ.ਮੰਗਲ ਸਿੰਘ, ਸੌਰਵ ਸ਼ਰਮਾ ਬੀ ਈ ਈ, ਕੰਵਰਦੀਪ ਸਿੰਘ ਮੇਲ ਹੈਲਥ ਵਰਕਰ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸੰਵੇਦਨਸ਼ੀਲ ਇਲਾਕਿਆ ਦੀ ਪਹਿਚਾਣ ਕਰਕੇ ਵਧਾਈ ਜਾਵੇ ਸੁਰੱਖਿਆ: ਗੋਰਾ ਅਟਾਰੀ

ਫਿਰੋਜ਼ਪੁਰ 10 ਅਕਤੂਬਰ ਸੁਖਮੰਦਰ ਸਿੰਘ ਸ਼ਾਤ ਅੱਜ ਪੱਤਰਕਾਰਾ ਨਾਲ ਗੱਲਬਾਤ ਕਰਦਿਆ ਐਸ ਸੀ ਐਸ ਟੀ ਜਾਗ੍ਰਿਤ ਮਿਸ਼ਨ ਦੇ ਪੰਜਾਬ ਪ੍ਰਧਾਨ ਗੁਰਪ੍ਰੀਤ ਸਿੰਘ ਗੋਰਾ ਅਟਾਰੀ ਨੇ ਦੱਸਿਆ ਕਿ ਆਉਣ ਵਾਲੀਆ ਪੰਚਾਇਤੀ ਚੋਣ ਦੇ ਸਬੰਧ ਵਿੱਚ ਪੰਜਾਬ ਵਿੱਚ ਵੱਖ- ਵੱਖ ਥਾਂਵਾਂ ਤੇ ਲੜਾਈ ਝਗੜੇ, ਗਾਲੀਗਲੋਚ, ਜਾਨ-ਮਾਲ ਨੁਕਸਾਨ ਦੀਆ ਧਮਕੀਆ ਅਤੇ ਕਤਲ ਵਰਗੀਆ ਵਾਰਦਾਤਾਂ ਦੀ ਗਿਣਤੀ ਦਿਨੋ-ਦਿਨ ਵਧਦੀ ਜਾ ਰਹੀ।ਇਸ ਚੋਣਾਂ ਨੇ ਕਈ ਮਾਂਵਾਂ ਦੇ ਪੁੱਤਰ ਨਿਗਲ ਲਏ ਹਨ ਅਤੇ ਬਹੁਤਾਤ ਵਿਅਕਤੀਆ ਨੂੰ ਸਰੀਰਕ ਅਤੇ ਮਾਨਸਿਕ ਤਸੀਹੇ ਝੱਲਣੇ ਪੈ ਰਹੇ ਹਨ। ਪੰਜਾਬ ਪੁਲਸ ਇਨ੍ਹਾਂ ਮਾਮਲਿਆ ਵਿੱਚ ਮੂਕਦਰਸ਼ਕ ਦਿਖਾਈ ਦੇ ਰਹੀ ਹੈ। ਜਿਆਦਾਤਰ ਉਹਨਾਂ ਪਿੰਡਾਂ ਵਿੱਚ ਸਥਿਤੀ ਪੂਰੀ ਤਰਾਂ ਤਨਾਅ ਪੂਰਨ ਹੈ ਜਿੱਥੇ ਪੰਚ ਸਰਪੰਚ ਪੰਜਾਬ ਸਰਕਾਰ ਵੱਲੋਂ ਅਨੁਸੂਚਿਤ ਜਾਤੀਆ ਲਈ ਰਿਜਰਵ ਕੀਤੇ ਗਏ ਹਨ। ਅਪਰ ਕਾਸਟ ਦੇ ਕੁੱਝ ਵਿਅਕਤੀਆ ਵੱਲੋ ਅਨੁਸੂਚਿਤ ਜਾਤੀਆ ਦੇ ਵਿਅਕਤੀਆ ਨੂੰ ਹਰ ਹੀਲੇ ਨੀਚਾ ਦਿਖਾਉਣ ਲਈ ਕੋਈ ਕਸਰ ਨਹੀ ਛੱਡੀ ਜਾ ਰਹੀ ਅਤੇ ਪਿੰਡਾਂ ਵਿੱਚ ਧੜੇ ਬਣਾਂ ਕੇ ਹਿੰਸਕ ਘਟਨਾਵਾਂ ਲਈ ਉਕਸਾਇਆ ਜਾ ਰਿਹਾ ਹੈ। ਜੇਕਰ ਆਉਣ ਵਾਲੇ ਦਿਨਾ ਤੇ ਝਾਤ ਮਾਰੀਏ ਤਾ ਪੰਜਾਬ ਵਿੱਚ ਅਨੁਸੂਚਿਤ ਜਾਤੀ ਵਰਗ ਤੇ ਅਤਿਆਚਾਰ ਦੀ ਗਿਣਤੀ ਵਿੱਚ ਬਹੁਤ ਵਾਧਾ ਹੋਇਆ ਦਿਖਾਈ ਦਿੰਦਾ ਹੈ।ਸਾਡੀ ਸ਼ਾਸ਼ਨ ਅਤੇ ਪ੍ਰਸ਼ਾਸਨ ਤੋ ਪੁਰਜੋਰ ਮੰਗ ਹੈ ਕਿ ਜਿਹੜੇ ਪਿੰਡਾਂ ਵਿੱਚ ਹਿੰਸਕ ਘਟਨਾਵਾਂ ਦਾ ਖਦਸ਼ਾ ਹੈ। ਉਹਨਾਂ ਖੇਤਰਾ ਜਾਂ ਪਿੰਡਾਂ ਦੀ ਪਹਿਚਾਣ ਕਰਕੇ ਨੂੰ ਸੰਵੇਦਨਸ਼ੀਲ ਇਲਾਕੇ ਘੋਸ਼ਿਤ ਕੀਤਾ ਜਾਵੇ ਅਤੇ ਸੁਰੱਖਿਆ ਦੇ ਯੋਗ ਅਤੇ ਢੁਕਵੇਂ ਪ੍ਰਬੰਧ ਕੀਤੇ ਜਾਣ। ਤਾਂ ਜੋ ਅਮਨ-ਸ਼ਾਂਤੀ ਭੰਗ ਨਾ ਹੋਵੇ।



ਆਵਾਜ਼ਿ ਕੌਮ AWAZE QAUM International Newspaper & WEB TV

# ਬੁਰਜ ਗੌਂਹਰਾ ਤੋਂ ਸਰਪੰਚੀ ਦੀ ਚੋਣ ਲੜ ਰਹੇ ਗੁਰਮੇਲ ਸਿੰਘ ਨੇ ਆਪਣੀ ਚੋਣ ਮੁਹਿੰਮ ਨੂੰ ਕੀਤਾ ਤੇਜ

ਧੂਰੀ ( ਰਣਜੀਤ ਸਿੰਘ ਪੇਧਨੀ ) ਨੇੜਲੇ ਪਿੰਡ ਬੁਰਜ ਗੌਂਹਰਾ ਤੋਂ ਸਰਪੰਚੀ ਦੀ ਚੋਣ ਲੜ ਰਹੇ ਪੜ੍ਹੇ ਲਿਖੇ ਸਰਬ ਸਾਂਝੇ ਅਤੇ ਲੋੜਵੰਦਾਂ ਦੇ ਹਮਦਰਦ ਉਮੀਦਵਾਰ ਗੁਰਮੇਲ ਸਿੰਘ ਨੇ ਆਪਣੀ ਚੋਣ ਮੁਹਿੰਮ ਨੂੰ ਤੇਜ਼ ਕਰ ਦਿੱਤਾ ਹੈ। ਉਨਾਂ ਨੇ ਪਿੰਡ ਦੇ ਵੱਖ-ਵੱਖ ਵਾਰਡਾਂ ਦੁਕਾਨਦਾਰਾਂ ਤੋਂ ਅਸ਼ੀਰਵਾਦ ਲੈਂਦਿਆਂ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪਿੰਡ ਦੇ ਅਧੂਰੇ ਪਏ ਵਿਕਾਸ ਕਾਰਜਾਂ ਨੂੰ ਸਿਰੇ ਚਾੜਨਾ ਮੇਰਾ ਮੁੱਖ ਮਕਸਦ ਹੋਵੇਗਾ ਕਿਉਂਕਿ ਸਾਡਾ ਸਮੁੱਚਾ ਪਰਿਵਾਰ ਸ਼ੁਰੂ ਤੋਂ ਹੀ ਲੋੜਵੰਦ ਕਿਸਾਨਾਂ ਮਜ਼ਦੂਰਾਂ, ਜਿੱਥੇ ਦੀਆਂ ਹਮਦਰਦੀ ਅਨੇਕਾਂ ਕਰਨਾ ਵੀ ਉਹਨਾਂ ਜਾਂਦਾ ਹੈ। ਉਨ੍ਹਾਂ ਕਿਹਾ ਕਿ ਉਹ ਪਹਿਲਾਂ ਵੀ ਪੰਜਾਬ ਸਰਕਾਰ ਦੀਆਂ ਸਕੀਮਾਂ ਦਾ ਲਾਭ ਲੋਕਾਂ ਨੂੰ ਦੇ ਚੁੱਕੇ ਹਨ। ਅੰਤ ਵਿੱਚ ਉਹਨਾਂ ਕਿਹਾ ਕਿ ਜੇਕਰ ਪਿੰਡ ਦੇ ਸੂਝਵਾਨ ਪੜੇ ਲਿਖੇ ਅਤੇ ਰੱਬ ਵਰਗੇ ਵੋਟਰਾਂ ਨੇ ਉਹਨਾਂ ਦਾ ਸਾਥ ਦਿੱਤਾ ਤਾਂ ਉਹ ਵਿਕਾਸ ਦੇ ਕੰਮਾਂ ਵਿੱਚ ਬਾਕੀ ਨਹੀਂ ਛੱਡਣਗੇ।



ਨਗਰ ਵੱਲੋਂ ਮਿਲੀ ਜਿੰਮੇਵਾਰੀ ਨੂੰ ਇਮਾਨਦਾਰੀ ਅਤੇ ਤਨਦੇਹੀ ਨਿਭਾਵਾਂਗਾ : ਜੱਗਾ ਭੋਜੋਵਾਲੀ

# ਜੱਗਾ ਭੋਜੋਵਾਲੀ ਬਣੇ ਸਰਬਸੰਮਤੀ ਨਾਲ ਪਿੰਡ ਭੋਜੋਵਾਲੀ ਦੇ ਸਰਪੰਚ



**ਧੂਰੀ,( ਰਣਜੀਤ ਸਿੰਘ ਪੇਧਨੀ )**-ਪਿੰਡ ਭੋਜੋਵਾਲੀ ਵਿਖੇ ਪੰਚਾਇਤ ਸਰਬਸੰਮਤੀ ਨਾਲ ਚੁਣੀ ਗਈ, ਜਿਸ ਤਹਿਤ ਪਿੰਡ ਭੋਜੋਵਾਲੀ ਵਿਖੇ ਸਰਬਸੰਮਤੀ ਨਾਲ ਜਗਸੀਰ ਸਿੰਘ ਜੱਗਾ ਨੂੰ ਸਰਪੰਚ ਚੁਣਿਆ ਗਿਆ ਅਤੇ ਜਗਦੇਵ ਸਿੰਘ ਜੱਗਾ ਪੰਚ,ਅਮਰਜੀਤ ਸਿੰਘ ਪੰਚ,ਨਿਰਭੈ ਸਿੰਘ ਕਾਲਾ ਪੰਚ,ਗੁਰਮੀਤ ਕੌਰ ਪੰਚ ਸਰਬਸੰਮਤੀ ਨਾਲ ਮੈਂਬਰ ਚੁਣੇ ਗਏ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਬਸੰਮਤੀ ਨਾਲ ਬਣੇ ਸਰਪੰਚ ਜਗਸੀਰ ਸਿੰਘ ਜੱਗਾ ਨੇ ਕਿਹਾ ਕਿ ਨਗਰ ਵੱਲੋਂ ਦਿੱਤੀ ਜਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਆਪਣੇ ਪਿੰਡਾਂ ਦੇ ਵਿਕਾਸ ਲਈ ਯਤਨਸ਼ੀਲ ਰਹਿਣਗੇ ਅਤੇ ਬਿਨ੍ਹਾਂ ਪੱਖਪਾਤ ਤੋਂ ਪਿੰਡਾਂ ਦਾ ਸਰਵਪੱਖੀ ਵਿਕਾਸ ਕਰਵਾਉਣਗੇ।ਇਸ ਮੌਕੇ ਚੈਅਰਮੈਨ ਅਮਰੀਕ ਸਿੰਘ ਸੋਹੀ, ਸੁਖਦੇਵ ਸਿੰਘ ਸਾਬਕਾ ਸਰਪੰਚ,ਰਾਮ ਸਿੰਘ ਸਾਬਕਾ ਸਰਪੰਚ,ਲਛਮਣ ਦਾਸ ਪ੍ਰਧਾਨ ਕੋ ਆਪਰੇਟਿਵ ਸੋਸਾਇਟੀ ਭੋਜੋਵਾਲੀ, ਬਿੱਟੂ ਸਰਾਓ,ਬਲਦੇਵ ਸਿੰਘ ਸਾਬਕਾ ਪ੍ਰਧਾਨ ਸੁਸਾਇਟੀ, ਜਗਰੂਪ ਸਿੰਘ, ਗੀਨਾ ਟੇਲਰ, ਜਤਿੰਦਰ ਸਿੰਘ ਬਿੱਟੂ ਹਾਜਰ ਸਨ।

# ਟੀ.ਬੀ ਮਰੀਜਾਂ ਨੂੰ ਵੰਡੀਆਂ ਕਿੱਟਾਂ

ਫ਼ਿਰੋਜ਼ਪੁਰ, 10 ਅਕਤੂਬਰ (ਮਨੋਹਰ ਲਾਲ) :— ਸਿਵਲ ਸਰਜਨ ਡਾ: ਰਾਜਵਿੰਦਰ ਕੌਰ ਦੀ ਅਗਵਾਈ ਹੇਠ ਮਿਸ਼ਨ ਨਕਸ਼ੇ ਮਿੱਤਰਾਂ ਅਧੀਨ ਸਿਵਲ ਹਸਪਤਾਲ ਫ਼ਿਰੋਜ਼ਪੁਰ ਵਿਖੇ ਡਾ: ਸਤਿੰਦਰ ਕੌਰ ਡੀ.ਟੀ.ਓ ਫ਼ਿਰੋਜ਼ਪੁਰ ਦੀ ਰਹਿਨੁਮਾਈ ਹੇਠ ਭਾਰਤ ਵਿਕਾਸ ਪ੍ਰੀਸ਼ਦ ਫ਼ਿਰੋਜ਼ਪੁਰ ਸ਼ਹਿਰ ਵੱਲੋਂ ਟੀ.ਬੀ ਦੇ 12 ਲੋੜਵੰਦ ਮਰੀਜਾਂ ਨੂੰ 12ਵੀਂ ਵਾਰ ਪੌਸ਼ਟਿਕ ਸਮਗਰੀ ਦੀਆਂ ਕਿੱਟਾਂ ਪ੍ਰਦਾਨ ਕੀਤੀਆਂ ਗਈਆਂ। ਸੰਸਥਾ ਦੇ ਪ੍ਰਧਾਨ ਸ੍ਰੀ ਸੁਭਾਸ਼ ਚੌਧਰੀ ਅਤੇ ਜਰਨਲ ਸਕੱਤਰ ਸ੍ਰੀ ਸ਼ਿਵੰਦਰ ਕੁਮਾਰ ਦੀ ਨਿਗਰਾਨੀ ਹੇਠ ਟੀਮ ਵੱਲੋਂ ਇਨ੍ਹਾਂ ਟੀ.ਬੀ ਮਰੀਜਾਂ ਨਾਲ ਨਿੱਜੀ ਰਾਬਤਾ ਕਾਇਮ ਕਰਦਿਆਂ ਕਿੱਟਾਂ ਪ੍ਰਦਾਨ ਕੀਤੀਆਂ। ਇਸ ਮੌਕੇ ਸੰਸਥਾ ਦੇ ਪ੍ਰਧਾਨ ਅਤੇ ਜਰਨਲ ਸਕੱਤਰ ਸ੍ਰੀ ਸ਼ਿਵੰਦਰ ਸ਼ਰਮਾ ਨੇ ਕਿਹਾ ਕਿ ਜਿਥੇ ਸਿਵਲ ਹਸਪਤਾਲ ਫ਼ਿਰੋਜ਼ਪੁਰ ਦੇ ਟੀ.ਬੀ ਵਿਭਾਗ ਦੇ ਡਾਕਟਰਾਂ ਅਤੇ ਸਟਾਫ ਵੱਲੋਂ ਟੀ.ਬੀ ਦੇ ਮਰੀਜਾਂ ਨੂੰ ਵਧੀਆ ਸਿਹਤ ਸਹੂਲਤਾਂ ਦਿੱਤੀਆਂ ਜਾਂਦੀਆਂ ਹਨ ਅਤੇ ਸਮੇਂ—ਸਮੇਂ ਸਿਰ ਮਰੀਜਾਂ ਅਤੇ ਉਨ੍ਹਾਂ ਦੇ ਰਿਸ਼ਤੇਦਾਰਾਂ ਨੂੰ ਇਸ ਭਿਆਨਕ ਬਿਮਾਰੀ ਤੋਂ ਬਚਣ ਲਈ ਰੋਜ਼ਾਨਾ ਜੀਵਨ ਸ਼ੈਲੀ ਵਿਚ ਉਚਿਤ ਨਿਯਮਾਂ ਬਾਰੇ ਜਾਗਰੂਕ ਕੀਤਾ ਜਾਂਦਾ ਹੈ ਤਾਂ ਕਿ ਮਿਸ਼ਨ ਟੀ.ਬੀ ਮੁਕਤ ਭਾਰਤ 2025 ਨੂੰ ਸਫਲਤਾ ਪੂਰਵਕ ਨੇਪਰੇ ਚਾੜਿਆ ਜਾਵੇ ਤਾਂ ਕਿ 2025 ਤੱਕ ਭਾਰਤ ਵਿਚੋਂ ਟੀ.ਬੀ ਦੀ ਬਿਮਾਰੀ ਦਾ ਮੁਕੰਮਲ ਖਾਤਮਾ ਹੋ ਸਕੇ।ਉਨ੍ਹਾਂ ਦੱਸਿਆ ਕਿ ਜਿਥੇ ਟੀ.ਬੀ ਬਿਮਾਰੀ ਤੋਂ ਬਚਣ ਲਈ ਦਵਾਈਆਂ ਦੀ ਲੋੜ ਹੁੰਦੀ ਹੈ, ਉਸ ਦੇ ਨਾਲ—ਨਾਲ ਪੌਸ਼ਟਿਕ ਖੁਰਾਕ ਵੀ ਬਹੁਤ ਜ਼ਰੂਰੀ ਹੈ, ਜੋ ਕਿ ਭਾਰਤ ਵਿਕਾਸ ਪ੍ਰੀਸ਼ਦ ਫ਼ਿਰੋਜ਼ਪੁਰ ਸ਼ਹਿਰ ਵੱਲੋਂ ਹਰ ਮਹੀਨੇ ਮੁਹਇਆ ਕਰਵਾਈਆਂ ਜਾਂਦੀਆਂ ਹਨ। ਇਸ ਮੌਕੇ ਸੰਸਥਾ ਦੇ ਮੈਂਬਰ ਸੁਰੇਸ਼ ਸ਼ਰਮਾ, ਕੇ.ਵੀ ਗੌਤਮ, ਰਮਨ ਸ਼ਰਮਾ, ਸ੍ਰੀਮਤੀ ਜਨਕ ਚੌਧਰੀ, ਸ੍ਰੀਮਤੀ ਅਰੁਣਾ ਭੋਲਾ, ਸ੍ਰੀਮਤੀ ਵੀਨਾ ਮੌਂਗਾ, ਸ੍ਰੀਮਤੀ ਸ਼ਕਤੀ ਚੋਪੜਾ, ਮਿਸ ਉਰਮਿਲਾ ਚਾਵਲਾ ਅਤੇ ਜਨਕ ਰਾਜ ਮੌਂਗਾ ਵੀ ਹਾਜ਼ਰ ਸਨ।ਇਸ ਪ੍ਰੋਗਰਾਮ ਨੂੰ ਸੁਚਾਰੂ ਢੰਗ ਨਾਲ ਚਲਾਇਆ ਗਿਆ। ਇਸ ਮੌਕੇ ਟੀ.ਬੀ ਵਿਭਾਗ ਵੱਲੋਂ ਸ੍ਰੀ ਰਾਜ ਕੁਮਾਰ ਫਾਰਮੇਸੀ ਅਫਸਰ, ਰਾਜਦੀਪ ਸਿੰਘ ਟੀ.ਬੀ.ਐਚ.ਵੀ, ਕਮਲਜੀਤ ਸਿੰਘ, ਹਰਮਿੰਦਰ ਸਿੰਘ, ਮਲਕੀਤ ਸਿੰਘ, ਅਮਰਿੰਦਰ ਸਿੰਘ ਅਤੇ ਰਿੰਕੂ ਬਜਾਜ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਅਤੇ ਮਰੀਜਾਂ ਦੇ ਜਲਦੀ ਸਿਹਤਮੰਦ ਹੋਣ ਦੀ ਕਾਮਨਾ ਕੀਤੀ।




# ਸਿਆਰਾਮ ਕਮੇਟੀ ਅਤੇ ਫ਼ਿਰੋਜ਼ਪੁਰ ਦੇ ਮੰਦਿਰ ਦੀਆਂ ਕਮੇਟੀਆਂ, ਧਾਰਮਿਕ ਤੇ ਸਮਾਜਿਕ ਸੰਸਥਾਵਾਂ ਵੱਲੋਂ ਕੱਢੀ ਗਈ ਪ੍ਰਭੂ ਸ੍ਰੀ ਰਾਮ ਦੀ ਬਰਾਤ

ਫ਼ਿਰੋਜ਼ਪੁਰ, 10 ਅਕਤੂਬਰ (ਮਨੋਹਰ ਲਾਲ) :— ਭਗਵਾਨ ਸ੍ਰੀ ਰਾਮ ਦੀ ਅਦਭੁਦ ਬਰਾਤ ਵਿਚ ਭਗਵਾਨ ਭੋਲੇਨਾਥ ਸਮੇਤ ਸਮੂਹ ਦੇਵੀ—ਦੇਵਤਿਆਂ ਨੇ ਕੀਤੀ ਸ਼ਿਰਕਤ। ਫ਼ਿਰੋਜ਼ਪੁਰ ਸ਼ਹਿਰ ਵਿਖੇ ਸਿਆਰਾਮ ਕਮੇਟੀ ਫ਼ਿਰੋਜ਼ਪੁਰ ਅਤੇ ਫ਼ਿਰੋਜ਼ਪੁਰ ਦੇ ਮੰਦਿਰ ਕਮੇਟੀਆਂ, ਧਾਰਮਿਕ ਤੇ ਸਮਾਜਿਕ ਸੰਸਥਾਵਾਂ ਵੱਲੋਂ ਕੱਢੀ ਗਈ ਭਗਵਾਨ ਸ੍ਰੀ ਰਾਮ ਦੀ ਬਰਾਤ ਜਿਥੇ ਲੋਕਾਂ ਲਈ ਖਿੱਚ ਦਾ ਕੇਂਦਰ ਬਣੀ ਹੋਈ ਸੀ, ਉਥੇ ਭਗਵਾਨ ਸ੍ਰੀ ਰਾਮ ਦੇ ਭਗਤਾਂ ਅੰਦਰ ਇਹ ਬਰਾਤ ਸ਼ਰਧਾ—ਭਾਵਨਾ ਦਾ ਆਥਾਹ ਵਾਧਾ ਕਰ ਰਹੀ ਸੀ।ਇਸ ਸਬੰਧੀ ਜਾਣਕਾਰੀ ਦਿੰਦਿਆਂ ਐਡਵੋਕੇਟ ਪ੍ਰਿਥਵੀ ਪੁੱਗਲ ਨੇ ਦੱਸਿਆ ਕਿ ਸ੍ਰੀ ਰਾਮ ਬਰਾਤ ਕੱਢਣ ਤੋਂ ਪਹਿਲਾਂ ਧਾਰਮਿਕ ਸਖਸ਼ੀਅਤਾਂ ਵੱਲੋਂ ਪੂਜਾ ਅਰਚਨਾ ਕੀਤੀ ਗਈ, ਜਿਸ ਉਪਰੰਤ ਹਾਜ਼ਰੀਨ ਨੂੰ ਤਿਲਕ ਲਗਾ ਕੇ ਸਿਰੋਪੇ ਭੇਂਟ ਕੀਤੇ ਗਏ ਅਤੇ ਇਸ ਮੌਕੇ ਹਾਜ਼ਰ ਭਗਤਾਂ ਵੱਲੋਂ ਪ੍ਰਭੂ ਸ੍ਰੀ ਰਾਮ ਦੇ ਜ਼ੈਕਾਰਿਆਂ ਨਾਲ ਅਕਾਜ਼ ਗੂੰਜਣ ਲਗਾਇਆ ਗਿਆ। ਇਸ ਮੌਕੇ ਸ੍ਰੀ ਹੀਰਾ ਸੋਢੀ ਆਪਣੀ ਟੀਮ ਨਾਲ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ, ਜਿਨ੍ਹਾਂ ਨੇ ਭਗਵਾਨ ਸ੍ਰੀ ਰਾਮ ਦੀ ਜੀਵਨੀ ਸਾਂਝੀ ਕਰਨ ਉਪਰੰਤ ਬਰਾਤੀ ਦੇ ਤੌਰ ਤੇ ਨਾਲ ਚੱਲੇ। ਇਸ ਮੌਕੇ ਸ੍ਰੀ ਰਾਮ ਕ੍ਰਿਸ਼ਨ ਡਰਾਮਾਟਿਕ ਕਲੱਬ ਦੇ ਕਲਾਕਾਰਾਂ ਵੱਲੋਂ ਸੁੰਦਰ—ਸੁੰਦਰ ਝਾਕੀਆਂ ਪੇਸ਼ ਕੀਤੀਆਂ ਗਈਆਂ ਅਤੇ ਢੋਲ, ਜ਼ੈਕਾਰਿਆਂ ਨਾਲ ਸ੍ਰੀ ਰਾਮ ਦੀ ਬਰਾਤ ਗੋਖਲੇ ਹਾਲ ਫ਼ਿਰੋਜ਼ਪੁਰ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਬਜ਼ਾਰਾਂ ਵਿਚ ਬੈਠੇ ਭਗਤਾਂ ਨੂੰ ਦਰਸ਼ਨ ਦਿੰਦੀ ਹੋਏ ਪ੍ਰਾਚੀਨ ਸ਼ਿਵਾਲਾ ਮੰਦਿਰ ਜ਼ੀਰਾ ਗੇਟ ਵਿਖੇ ਸਮਾਪਤ ਹੋਈ, ਜਿਥੇ ਸੰਗਤਾਂ ਲਈ ਲੰਗਰਾਂ ਦੇ ਪ੍ਰਬੰਧ ਕੀਤੇ ਹੋਏ ਸਨ। ਬਜ਼ਾਰਾਂ ਵਿਚੋਂ ਨਿਕਲੀ ਬਰਾਤ ਦਾ ਥਾਂ—ਥਾਂ ਤੇ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ ਅਤੇ ਅਨੇਕ ਤਰ੍ਹਾਂ ਦੇ ਪਦਾਰਥਾਂ ਨਾਲ ਬਰਾਤੀਆਂ ਦੀ ਆਓ ਭਗਤ ਕੀਤੀ ਗਈ। ਇਸ ਮੌਕੇ ਕੀਤੀ ਗਈ ਆਤਿਸ਼ਬਾਜੀ ਦਾ ਨਜ਼ਾਰਾ ਦੇਖਦਿਆਂ ਹੀ ਬਣਦਾ ਸੀ, ਜਦੋਂ ਕਿ ਭਗਵਾਨ ਸ੍ਰੀ ਰਾਮ ਦੀ ਹੋਈ ਵਰਮਾਲਾ ਅਤੇ ਲਾਈਵ ਭਜਨ ਕੀਰਤਨ ਖਿੱਚ ਦਾ ਕੇਂਦਰ ਬਣੇ ਰਹੇ।ਕਲਾਕਾਰੀ ਖਿੱਤੇ ਵਿਚ ਨਾਮਣਾ ਖੱਟਣ ਵਾਲੇ ਕਲਾਕਾਰ ਚਾਂਦ ਬਜਾਜ ਵੱਲੋਂ ਬਰਾਤ ਦੌਰਾਨ ਪ੍ਰਭੂ ਸ੍ਰੀ ਰਾਮ ਦੇ ਭਜਨਾਂ ਨਾਲ ਸੰਗਤਾਂ ਨੂੰ ਝੂੰਮਣ ਲਾਇਆ ਅਤੇ ਮੰਤਰਮੁੰਗਧ ਹੋਏ ਬਰਾਤੀ ਨੱਚਣ ਨੂੰ ਮਜ਼ਬੂਰ ਹੁੰਦੇ ਰਹੇ। ਭਗਵਾਨ ਸ੍ਰੀ ਰਾਮ ਦੀ ਗੋਖਲੇ ਹਾਲ ਤੋਂ ਸ਼ੁਰੂ ਹੋਈ ਬਰਾਤ ਦਿੱਲੀ ਗੇਟ, ਮੇਨ ਬਜ਼ਾਰ, ਮੈਗਜੀਨੀ ਗੇਟ, ਮੰਦਿਰ ਡੇਰਾ ਬਾਬਾ ਧਨੀ ਰਾਮ, ਸ੍ਰੀ ਕ੍ਰਿਸ਼ਨ ਮੰਦਿਰ, ਨਿਰਧਨ ਨਿਕੇਤਨ ਮੰਦਿਰ, ਡਾ: ਸਾਧੂ ਚੰਦ ਚੌਂਕ, ਹੀਰਾ ਮੰਡੀ, ਛੱਤਾ ਬਜ਼ਾਰ, ਜ਼ੀਰਾ ਗੇਟ ਤੋਂ ਹੁੰਦੀ ਹੋਈ ਪ੍ਰਾਚੀਨ ਸ਼ਿਵਾਲਾ ਮੰਦਿਰ ਵਿਖੇ ਸਮਾਪਤ ਹੋਈ। ਇਸ ਮੌਕੇ ਸਿਆਰਾਮ ਕਮੇਟੀ ਅਤੇ ਸਮੂਹ ਸੰਸਥਾਵਾਂ ਦੇ ਆਗੂਆਂ ਵੱਲੋਂ ਸ੍ਰੀ ਰਾਮ ਦੀ ਬਰਾਤ ਵਿਚ ਸ਼ਾਮਲ ਹੋਏ ਬਰਾਤੀਆਂ, ਸਮਾਜ ਸੇਵੀ ਸੰਸਥਾਵਾਂ ਦੇ ਆਗੂਆਂ ਅਤੇ ਬਰਾਤ ਦੌਰਾਨ ਅਣਥੱਕ ਸੇਵਾਵਾਂ ਦੇਣ ਵਾਲੇ ਪੁਲਿਸ ਕਰਮਚਾਰੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਸਭਨਾਂ ਤੇ ਭਗਵਾਨ ਸ੍ਰੀ ਰਾਮ ਦੀ ਕ੍ਰਿਪਾ ਵਸਦੇ ਰਹਿਣ ਦੀ ਕਾਮਨਾ ਕੀਤੀ।



# 12 ਅਕਤੂਬਰ ਦੇ ਕਬੱਡੀ ਟੂਰਨਾਮੈਂਟ ਦੀਆਂ ਤਿਆਰੀਆਂ ਮੁਕੰਮਲ: ਕਲੱਬ ਆਗੂ



ਧੂਰੀ ( ਰਣਜੀਤ ਸਿੰਘ ਪੇਧਨੀ ) ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬਾਬਾ ਅਟੱਲ ਰਾਏ ਸਪੋਰਟਸ ਐਂਡ ਵੈਲਫੇਅਰ ਕਲੱਬ ਰਜਿ: ਧੂਰੀ ਵੱਲੋਂ ਕਬੱਡੀ ਦਾ ਮਹਾ ਕੁੰਭ 12 ਅਕਤੂਬਰ ਦਿਨ ਸ਼ੁਕਰਵਾਰ ਨੂੰ ਧੂਰੀ ਨਵੀਂ ਅਨਾਜ ਮੰਡੀ ਵਿਖੇ ਕਰਵਾਇਆ ਜਾ ਰਿਹਾ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕਲੱਬ ਦੇ ਪ੍ਰਧਾਨ ਸਰਪੰਚ ਬਲਦੇਵ ਸਿੰਘ, ਜਨਰਲ ਸਕੱਤਰ ਨਾਹਰ ਸਿੰਘ ਮੀਮਸਾ ਅਤੇ ਸੀਨੀਅਰ ਆਗੂ ਕੁਲਦੀਪ ਸਿੰਘ ਬੁੱਟਰ ਨੇ ਚੋਣਵੇਂ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਦੁਸ਼ਹਿਰੇ ਵਾਲੇ ਦਿਨ ਨਵੀਂ ਅਨਾਜ ਮੰਡੀ ਵਾਲੇ ਗਰਾਊਂਡ ਵਿੱਚ ਕਬੱਡੀ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ। ਜਿਸ ਵਿੱਚ ਇਲਾਕੇ ਦੀਆਂ ਨਾਮਵਾਰ ਟੀਮਾਂ ਭਾਗ ਲੈਣਗੀਆਂ ਅਤੇ ਆਪਣੇ ਜੌਹਰ ਦਿਖਾਉਣਗੀਆਂ। ਜਿਸ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ, ਦਫਤਰ ਇੰਚਾਰਜ ਮੁੱਖ ਮੰਤਰੀ ਪੰਜਾਬ,ਚੇਅਰਮੈਨ ਸਤਿੰਦਰ ਸਿੰਘ ਚੱਠਾ, ਚੇਅਰਮੈਨ ਅਸ਼ੋਕ ਕੁਮਾਰ ਲੱਖਾ, ਡਾ, ਅਨਬਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ , ਆਪ ਆਗੂ ਅਮਰਦੀਪ ਸਿੰਘ ਧਾਂਦਰਾ, ਪਰਮਜੀਤ ਸਿੰਘ ਕਾਂਝਲਾ, ਰਣਜੋਤ ਸਿੰਘ ਕਾਂਝਲਾ, ਬਿੱਲਾ ਸਾਹੀਵਾਲ, ਭਿੰਦਾ ਵਿਰਕਾ, ਪੱਤਰਕਾਰ ਰਣਜੀਤ ਸਿੰਘ ਪੇਧਨੀ ਵਿਸ਼ੇਸ਼ ਤੌਰ ਤੇ ਆਪਣੀ ਹਾਜ਼ਰੀ ਭਰਨਗੇ।

# ਗੁਰਦੁਆਰਾ ਸ੍ਰੀ ਦਮਦਮਾ ਰੋੜੀ ਸਾਹਿਬ ਪਿੰਡ ਕਾਲੇਕੇ ਸਾਲਾਨਾ ਜੋੜ ਮੇਲਾ 25 ਅਤੇ 26 ਅਕਤੂਬਰ ਨੂੰ



ਚੌਕ ਮਹਿਤਾ 10 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ) ਗੁਰਦੁਆਰਾ ਦਮਦਮਾ ਰੋੜੀ ਸਾਹਿਬ ਪਿੰਡ ਕਾਲੇਕੇ ਵਿੱਖੇ ਧਾਰਮਿਕ ਸਲਾਨਾ ਜੋੜ ਮੇਲਾ ਮਿੱਤੀ 25ਅਤੇ 26 ਅਕਤੂਬਰ 2024 ਦਿਨ ਸ਼ੁੱਕਰਵਾਰ ਅਤੇ ਸ਼ਨੀਵਾਰ ਨੂੰ ਗੁਰਦੁਆਰਾ ਦਮਦਮਾ ਰੋੜੀ ਸਾਹਿਬ ਜੀ ਮੁੱਖੀ ਸ੍ਰੀ ਮਾਨ ਸੰਤ ਬਾਬਾ ਗੁਰਦਿਆਲ ਸਿੰਘ ਜੀ ਦੀ ਅਗਵਾਈ ਹੇਠ ਅਤੇ ਪਿੰਡ, ਇਲਾਕੇ, ਐਨ ਆਰ ਆਈ ਦੇ ਸੰਗਤਾਂ ਦੇ ਸਹਿਯੋਗ ਨਾਲ ਬੜੇ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਜਿਸ ਵਿੱਚ ਪੰਥ ਪ੍ਰਸਿਧ ਰਾਗੀ, ਢਾਡੀ ਜਥੇ, ਕਥਾਵਾਚਕ, ਕਵੀਸਰੀ ਜਥੇ ਗੁਰ ਇਤਹਾਸ ਨਾਲ ਸਾਂਝ ਪਾਉਣ ਗੇ ।ਅਤੇ ਸੰਤ, ਮਹਾਪੁਰਖ ਸਾਧੂ, ਨਿਹੰਗ ਸਿੰਘ ਹਾਜ਼ਰੀਆ ਭਰਨਗੇ। ਦੋਵੇ ਦਿਨ ਕਬੱਡੀ ਦੇ ਸੋ ਮੈਚ ਕਰਵਾਏ ਜਾਣਗੇ। ਸੰਤ ਬਾਬਾ ਗੁਰਦਿਆਲ ਸਿੰਘ ਜੀ ਵੱਲੋਂ ਦੇਸਾਂ ਅਤੇ ਵਿਦੇਸਾਂ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਦੋਵੇ ਹਾਜਰੀਆ ਭਰਕੇ ਗੁਰੂ ਸਾਹਿਬ ਜੀ ਦੀਆਂ ਖੁਸੀਆ ਪ੍ਰਾਪਤ ਕਰਨ। ਗੁਰੂ ਜੀ ਦੇ ਲੰਗਰ ਅਟੁਟ ਵਰਤੇਗਾ।

# ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਅਤੇ ਪਿੰਡ ਦੇ ਵਿਕਾਸ ਲਈ ਦਿਨ ਰਾਤ ਕੰਮ ਕਰਾਗੇ: ਭਿੰਦਾ ਵਿਰਕ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਫ਼ਤਰ ਇੰਚਾਰਜ ਧੂਰੀ ਅਤੇ ਆਮ ਆਦਮੀ ਪਾਰਟੀ ਸਪੋਰਟਸ ਵਿੰਗ ਪੰਜਾਬ ਦੇ ਜਰਨਲ ਸਕੱਤਰ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਦੇ ਭਤੀਜ ਭਿੰਦਾ ਵਿਰਕ ਨੇ ਪਿੰਡ ਅਲੀਪੁਰ ਤੋਂ ਚੋਣ ਲਈ ਜਰਨਲ ਸੀਟ ਤੋਂ ਸਰਪੰਚੀ ਦੀ ਚੋਣ ਲੜਨ ਦਾ ਐਲਾਨ ਕੀਤਾ ਹੈ ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਵੱਲੋਂ ਉਨਾਂ ਨੂੰ ਪੂਰਨ ਸਹਿਯੋਗ ਦਿੱਤਾ ਜਾ ਰਿਹਾ ਹੈ ਅਤੇ ਉਹ ਖੁਦ ਅਤੇ ਉਨਾਂ ਦੇ ਸਪੋਰਟਰ ਲਗਾਤਾਰ ਵੱਖ ਵੱਖ ਵਾਰਡਾਂ ਅੰਦਰ ਵੋਟਰਾਂ ਤੱਕ ਪਹੁੰਚ ਕਰ ਰਹੇ ਹਨ। ਉਨਾਂ ਆਪਣੇ ਕਾਗਜ਼ ਦਾਖਲ ਕਰਨ ਉਪਰੰਤ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਹੈ ਕਿ ਪਿੰਡ ਦੇ ਸੂਝਵਾਨ ਵੋਟਰਾਂ ਦੇ ਸਹਿਜੋਗ ਨਾਲ ਉਹ ਪਿੰਡ ਦੀ ਕਾਇਆ ਕਲਪ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ ਕਿਉਂਕਿ ਅਜੇ ਵੀ ਨਗਰ ਅੰਦਰ ਬਹੁਤ ਸਾਰੇ ਕਾਰਜਾਂ ਨੂੰ ਨੇਪਰੇ ਚਾੜਨ ਦੀ ਜਰੂਰਤ ਹੈ।ਉਹਨਾਂ ਕਿਹਾ ਕਿ ਪਿੰਡ ਵਿੱਚ ਸ਼ਾਨਦਾਰ ਪਾਰਕ, ਨੌਜਵਾਨ ਪੀੜੀ ਨੂੰ ਨਸ਼ਿਆਂ ਤੋਂ ਦੂਰ ਕਰਨ ਲਈ ਵਿਸ਼ੇਸ਼ ਪ੍ਰੋਗਰਾਮ, ਲੋੜਵੰਦ ਪਰਿਵਾਰਾਂ ਨੂੰ ਸਰਕਾਰ ਦੀਆਂ ਬਿਨਾਂ ਕਿਸੇ ਪੱਖਪਾਤ ਤੋਂ ਵਿਸ਼ੇਸ਼ ਸਹੂਲਤਾਂ ਦੇਣਾ, ਖੇਡਾਂ ਅਤੇ ਵਿਦਿਅਕ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਦਾ ਮਾਨ ਸਨਮਾਨ ਤੋਂ ਇਲਾਵਾ ਰਹਿੰਦੇ ਵਿਕਾਸ ਕਾਰਜਾਂ ਨੂੰ ਨੇਪਰੇ ਚਾੜਨਾ ਉਹਨਾਂ ਦਾ ਮੁੱਖ ਮਕਸਦ ਹੋਵੇਗਾ।





## ਜਨਮ ਦਿਨ ਮੁਬਾਰਕ

**ਕਬੀਰ ਸਿੰਘ**
ਪਿਤਾ : ਹਰਪ੍ਰੀਤ ਸਿੰਘ, ਮਾਤਾ : ਸਰਨਜੀਤ ਕੌਰ ਪਿੰਡ ਭੋਏਵਾਲ, ਅੰਮ੍ਰਿਤਸਰ
ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ

### ਹਠੂਰ ਤੋਂ ਸਰਪੰਚੀ ਦੀ ਚੋਣ ਲਈ ਉਮੀਦਵਾਰ

# ਪ੍ਰਮਿੰਦਰ ਸਿੰਘ ਹਠੂਰ ਦੀ ਚੋਣ ਮੁਹਿੰਮ ਨੇ ਰਫ਼ਤਾਰ ਫੜੀ



**ਹਠੂਰ/ਜਗਰਾਉਂ (ਵਰਿਆਮ ਹਠੂਰ)**-ਇਤਿਹਾਸਕ ਕਸਬਾ ਹਠੂਰ ਤੋਂ ਸਰਪੰਚੀ ਦੀ ਚੋਣ ਲਈ ਚੋਣ ਮੈਦਾਨ ਵਿੱਚ ਡਟੇ ਉਮੀਦਵਾਰ ਪ੍ਰਮਿੰਦਰ ਸਿੰਘ ਹਠੂਰ ਦੀ ਚੋਣ ਮੁਹਿੰਮ ਨੇ ਰਫ਼ਤਾਰ ਫੜ ਲਈ ਤੇ ਉਮੀਦਵਾਰ ਵੱਲੋਂ ਆਪਣੇ ਸਮਰਥਕਾਂ ਨੂੰ ਨਾਲ ਲੈਕੇ ਲਗਾਤਾਰ ਡੋਰ ਟੂ ਡੋਰ ਵੋਟਰਾਂ ਨਾਲ ਰਾਬਤਾ ਕਾਇਮ ਕੀਤਾ ਜਾ ਰਿਹਾ ਹੈਂ। ਬੇਸ਼ੱਕ ਉਹ ਐੱਸ ਸੀ ਭਾਈਚਾਰੇ ਨਾਲ ਸਬੰਧਤ ਹੋਣ ਤੇ ਵੀ ਜਨਰਲ ਸੀਟ ਤੋਂ ਚੋਣ ਲੜ ਰਿਹਾ ਹੈ। ਫਿਰ ਵੀ ਨਗਰ ਦੇ ਬਹੁ ਗਿਣਤੀ ਲੋਕਾਂ ਵੱਲੋਂ ਉਨ੍ਹਾਂ ਨੂੰ ਹੱਲਾਸ਼ੇਰੀ ਤੇ ਥਾਪੜਾ ਮਿਲ ਰਿਹਾ ਹੈ। ਗੱਲਬਾਤ ਕਰਦਿਆਂ ਉਮੀਦਵਾਰ ਪ੍ਰਮਿੰਦਰ ਸਿੰਘ ਹਠੂਰ ਨੇ ਕਿਹਾ ਕਿ ਨਗਰ ਨਿਵਾਸੀਆਂ ਦੇ ਬੇਹੱਦ ਪਿਆਰ ਅਤੇ ਸਤਿਕਾਰ ਲਈ ਉਹ ਹਮੇਸ਼ਾ ਨਗਰ ਦੇ ਲੋਕਾਂ ਦੇ ਰਿਣੀ ਰਹਿਣਗੇ, ਉਨ੍ਹਾਂ ਕਿਹਾ ਕਿ ਜੇਕਰ ਸਮੂਹ ਨਗਰ ਨਿਵਾਸੀਆਂ ਨੇ ਉਨ੍ਹਾਂ ਨੂੰ ਨਗਰ ਦੀ ਸੇਵਾ ਕਰਨ ਦਾ ਮਾਣ ਬਖ਼ਿਸ਼ਆ, ਤਾਂ ਉਹ ਵਧ ਚੜ੍ਹ ਕੇ ਲਟਕ ਰਹੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਵਾਉਣ ਲਈ ਆਪਣਾ ਰੋਲ ਅਦਾ ਕਰਨਗੇ, ਨਗਰ ਵਿੱਚ ਚੋਣ ਪ੍ਰਚਾਰ ਦੌਰਾਨ ਉਮੀਦਵਾਰ ਪ੍ਰਮਿੰਦਰ ਸਿੰਘ ਹਠੂਰ ਨੂੰ ਵੱਖ ਵੱਖ ਦੁਕਾਨਦਾਰਾਂ ਅਤੇ ਅਤੇ ਹੋਰ ਨਗਰ ਦੇ ਲੋਕਾਂ ਵੱਲੋਂ ਸਨਮਾਨਿਤ ਵੀ ਕੀਤਾ ਗਿਆ।

### ਮਾਣ ਧੀਆਂ ’ਤੇ ਸਮਾਜ ਭਲਾਈ ਸੋਸਾਇਟੀ ਵਲੋਂ 30 ਹੋਣਹਾਰ ਬੇਟੀਆਂ ਦਾ ਹੋਇਆ ਸਨਮਾਨ

# ਪਿਛਲੇ 22 ਸਾਲ ਤੋਂ ਮਾਣ ਧੀਆਂ ’ਤੇ ਸੰਸਥਾ ਕਰ ਰਹੀ ਉਪਰਾਲੇ : ਸ਼ਿਖਾ ਸਰੀਨ/ਹਰਦੇਸ਼ ਸ਼ਰਮਾ




**ਚੌਕ ਮਹਿਤਾ, 10 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪ੍ਰਸਿੱਧ ਸੰਸਥਾ ਮਾਣ ਧੀਆਂ ’ਤੇ ਸਮਾਜ ਭਲਾਈ ਸੋਸਾਇਟੀ (ਰਜਿ) ਅੰਮ੍ਰਿਤਸਰ ਵੱਲੋਂ 10 ਅਕਤੂਬਰ 2024 ਨੂੰ ‘ਕੌਮਾਂਤਰੀ ਬਾਲੜੀ ਦਿਵਸ’ ਮੌਕੇ ਗ੍ਰੇਟ ਇੰਡੀਆ ਪ੍ਰੈਜ਼ੀਡੈਂਸੀ ਸਕੂਲ, ਛਿੱਡਣ ਅਟਾਰੀ ਰੋਡ, ਅੰਮ੍ਰਿਤਸਰ ਵਿਖੇ ਸਨਮਾਨ ਸਮਾਰੋਹ ਪ੍ਰਧਾਨ ਗੁਰਿੰਦਰ ਸਿੰਘ ਮੱਟੂ ਤੇ ਪ੍ਰਿੰਸੀਪਲ ਰਮਨਦੀਪ ਕੌਰ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਮੌਕੇ ਬਤੌਰ ਮੁੱਖ ਮਹਿਮਾਨ ਸਮਾਜ ਸੇਵਿਕਾ ਅਤੇ ਫਿੱਕੀ ਫਲੋ ਦੀ ਸਾਬਕਾ ਚੇਅਰਪਰਸਨ ਸ਼ਿਖਾ ਸਰੀਨਾ ਸ਼ਾਮਿਲ ਹੋਏ, ਜਦ ਕਿ ਵਿਸ਼ੇਸ਼ ਮਹਿਮਾਨ ਵਜੋਂ ਚੇਅਰਮੈਨ ਹਰਦੇਸ਼ ਸ਼ਰਮਾ ਸ਼ਾਮਿਲ ਹੋਏ। ਇਸ ਉਪਰੰਤ ਸਾਰੇ ਮਹਿਮਾਨਾਂ ਦਾ ਸਵਾਗਤ ਪ੍ਰਧਾਨ ਗੁਰਿੰਦਰ ਸਿੰਘ ਮੱਟੂ ਵਲੋਂ ਫੁੱਲਾਂ ਦਾ ਗੁਲਦਸਤਾ ਭੇਂਟ ਕਰਕੇ ਕੀਤਾ ਗਿਆ। ਸਮਾਰੋਹ ਦੀ ਸ਼ੁਰੂਆਤ ਸਕੂਲ ਦੀਆਂ ਵਿਦਿਆਰਥਣਾਂ ਵਲੋਂ ਰੰਗਾਰੰਗ ਪ੍ਰੋਗਰਾਮ ਦੀਆਂ ਪੇਸ਼ਕਾਰੀਆਂ ਨਾਲ ਕੀਤੀ ਗਈ। ਇਸ ਉਪਰੰਤ ਵਿੱਦਿਆ ਦੇ ਖ਼ੇਤਰ ਵਿਚ ਨਾਮਣਾ ਖੱਟਣ ਵਾਲੀਆਂ 30 ਬੇਟੀਆਂ ਦਾ ਸਨਮਾਨ ਕੀਤਾ ਗਿਆ । ਇਨ੍ਹਾਂ ਵਿਚ ਕਿਸਮਤ ਕੌਰ, ਗੁਰਪ੍ਰੀਤ ਕੌਰ, ਅਵਨੂਰਦੀਪ ਕੌਰ, ਐਬੀ ਕੌਰ, ਪ੍ਰਨੀਤ ਕੌਰ, ਸਹਿਜਪ੍ਰੀਤ ਕੌਰ, ਪ੍ਰਭਜੋਤ ਕੌਰ, ਏਕਮਜੋਤ ਕੌਰ, ਸਹਿਜਪ੍ਰੀਤ ਕੌਰ, ਪਰਿਆਸੀ, ਗੁਰਲੀਨ ਕੌਰ, ਹਰਜੋਤ ਕੌਰ, ਮਨਸੀਰਤ ਕੌਰ, ਗੁਰਸੀਰਤ ਕੌਰ, ਮੁਸਕਾਨ ਕੌਰ, ਨਵਰੀਤ ਕੌਰ, ਪ੍ਰਭਜੋਤ ਕੌਰ, ਸਿਮਰਨਜੀਤ ਕੌਰ, ਰਵਨੀਤ ਕੌਰ, ਅਰਸ਼ਪ੍ਰੀਤ ਕੌਰ, ਮੀਨਾਲਦੀਪ ਕੌਰ, ਕੋਮਲਪ੍ਰੀਤ ਕੌਰ, ਅਰਿਸਪ੍ਰੀਤ ਕੌਰ, ਨਵਰੀਨ ਕੌਰ, ਨਵਰੋਜ ਕੌਰ, ਮਾਠੀਬਾ, ਪ੍ਰਭਜੋਤ ਕੌਰ, ਹਰਮਨਦੀਪ ਕੌਰ, ਅਰਪਨਦੀਪ ਕੌਰ, ਅਰਸ਼ਪ੍ਰੀਤ ਕੌਰ ਆਦਿ ਬੇਟੀਆਂ ਨੂੰ ਸਨਮਾਨਿਤ ਕੀਤਾ ਗਿਆ। ਦੱਸਣਯੋਗ ਹੈ ਕਿ ਸੰਸਥਾ ਦੇ ਮੁੱਖ ਸਰਪ੍ਰਸਤ ਸਰਪ੍ਰਸਤ ਰਾਜੇਸ਼ ਸ਼ਰਮਾ ਐਸਡੀਐਮ, ਚੇਅਰਮੈਨ ਹਰਦੇਸ਼ ਸ਼ਰਮਾ ਸਮਾਜ ਸੇਵਕ, ਉੱਪ ਚੇਅਰਮੈਨ ਮਖਤੂਲ ਸਿੰਘ ਔਲਖ ਖੇਡ ਪ੍ਰੋਮੋਟਰ ਦੀ ਯੋਗ ਅਗਵਾਈ ਹੇਠ ਅਤੇ ਪ੍ਰਧਾਨ ਗੁਰਿੰਦਰ ਸਿੰਘ ਮੱਟੂ ਦੀ ਪ੍ਰਧਾਨਗੀ ਹੇਠ ਸਮਾਜ ਸੇਵਾ ਦੇ ਖੇਤਰ ਵਿਚ ਆਪਣੀ ਵਿਲੱਖਣ ਪਛਾਣ ਬਣਾ ਚੁੱਕੀ ਹੈ। ਇਸ ਉਪਰੰਤ ਮੁੱਖ ਮਹਿਮਾਨ ਸਮਾਜ ਸੇਵਿਕਾ ਅਤੇ ਫਿੱਕੀ ਫਲੋ ਦੀ ਸਾਬਕਾ ਚੇਅਰਪਰਸਨ ਸ਼ਿਖਾ ਸਰੀਨਾ ਨੇ ਲੜਕੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਮਾਜ ਵਿਚ ਆਪਣੀ ਪਛਾਣ ਬਣਾਉਣ ਲਈ ਸਖਤ ਮਿਹਨਤ ਕਰਨੀ ਪੈਂਦੀ ਹੈ। ਅੱਜ ਕਈ ਔਰਤਾਂ ਅਜਿਹੀਆਂ ਮਿਸਾਲ ਹਨ, ਜੋ ਉਚ ਅਹੁਦਿਆਂ ’ਤੇ ਬਿਰਾਜਮਾਨ ਹਨ। ਉਨ੍ਹਾਂ ਲੜਕੀਆਂ ਨੂੰ ਉਤਸ਼ਾਹਿਤ ਕਰਦਿਆਂ ਜੀਵਨ ਵਿਚ ਕਾਮਯਾਬੀ ਹਾਸਲ ਕਰਨ ਲਈ ਪ੍ਰੇਰਿਤ ਕੀਤਾ ਅਤੇ ਆਪਣੇ ਮਾਤਾ-ਪਿਤਾ ਦਾ ਹਮੇਸ਼ਾਂ ਸਤਿਕਾਰ ਕਰਨ ਦੀ ਪ੍ਰੇਰਨਾ ਵੀ ਦਿੱਤੀ। ਵਿਸ਼ੇਸ਼ ਮਹਿਮਾਨ ਵਜੋਂ ਚੇਅਰਮੈਨ ਹਰਦੇਸ਼ ਸ਼ਰਮਾ ਨੇ ਕਿਹਾ ਕਿ ਪਿਛਲੇ 22 ਸਾਲ ਤੋਂ ਮਾਣ ਧੀਆਂ ’ਤੇ ਸੰਸਥਾ ਭਰੂਣ ਹੱਤਿਆ ਖ਼ਿਲਾਫ ਅਤੇ ਬੇਟੀ ਬਚਾਓ, ਬੇਟੀ ਪੜ੍ਹਾਓ ਮੁਹਿੰਮ ਤਹਿਤ ਕਈ ਉਪਰਾਲੇ ਕਰ ਰਹੀ ਹੈ। ਇਸ ਉਪਰਾਲੇ ਲਈ ਪ੍ਰਧਾਨ ਗੁਰਿੰਦਰ ਸਿੰਘ ਮੱਟੂ ਵਧਾਈ ਦੇ ਪਾਤਰ ਹਨ। ਉਨ੍ਹਾਂ ਬੇਟੀਆਂ ਨੂੰ ਮਨ ਲਗਾ ਕੇ ਪੜ੍ਹਾਈ ਵੱਲ ਧਿਆਨ ਕੇਂਦਰਿਤ ਕਰਨ ਦੀ ਪ੍ਰੇਰਨਾ ਦਿੱਤੀ। ਪ੍ਰਧਾਨ ਗੁਰਿੰਦਰ ਸਿੰਘ ਮੱਟੂ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਸਮਾਰੋਹ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਚੇਅਰਮੈਨ ਹਰਦੇਸ਼ ਸ਼ਰਮਾ, ਉਪ ਚੇਅਰਮੈਨ ਮਖਤੂਲ ਸਿੰਘ ਔਲਖ, ਸੰਸਥਾ ਦੇ ਪ੍ਰੈੱਸ ਸੈਕਟਰੀ ਅਮਨਦੀਪ ਸਿੰਘ, ਡਾ. ਸੁਖਬੀਰ ਕੌਰ ਮਾਹਲ, ਡਾਇਰੈਕਟਰ ਕੰਵਲਜੀਤ ਸਿੰਘ, ਪ੍ਰਿੰਸੀਪਲ ਰਮਨਦੀਪ ਕੌਰ ਦਾ ਵਿਸ਼ੇਸ ਯੋਗਦਾਨ ਰਿਹਾ।

# ਉਮੀਦਵਾਰ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਨੇ ਕੀਤਾ ਚੋਣ ਪ੍ਰਚਾਰ



ਹਠੂਰ/ਜਗਰਾਉਂ (ਵਰਿਆਮ ਹਠੂਰ) ਕਸਬਾ ਹਠੂਰ ਤੋਂ ਸਰਪੰਚੀ ਦੀ ਚੋਣ ਲਈ ਉਮੀਦਵਾਰ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਵੱਲੋਂ ਨਗਰ ਵਿੱਚ ਵੱਖ ਵੱਖ ਥਾਵਾਂ ਤੇ ਆਪਣਾ ਚੋਣ ਪ੍ਰਚਾਰ ਕੀਤਾ ਗਿਆ, ਵੱਖ ਵੱਖ ਥਾਵਾਂ ਤੇ ਉਮੀਦਵਾਰ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਨੂੰ ਨਗਰ ਦੇ ਲੋਕਾਂ ਵੱਲੋਂ ਸਨਮਾਨਿਤ ਵੀ ਕੀਤਾ ਗਿਆ, ਉਮੀਦਵਾਰ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਨੇ ਕਿਹਾ ਕਿ ਨਗਰ ਨਿਵਾਸੀਆਂ ਦਾ ਇੰਨ੍ਹਾਂ ਮਾਣ ਸਤਿਕਾਰ ਦੇਣ ਲਈ ਬਹੁਤ ਬਹੁਤ ਧੰਨਵਾਦ, ਤੇ ਮੈਂ ਵੀ ਵਾਅਦਾ ਕਰਦਾਂ ਹਾਂ ਕਿ ਲੋਕਾਂ ਦੀਆਂ ਆਸਾਂ ਤੇ ਉਮੀਦਾਂ ਤੇ ਖ਼ਰਾ ਉੱਤਰਾਂਗਾ, ਤੇ ਜੇਕਰ ਲੋਕਾਂ ਨੇ ਸੇਵਾ ਕਰਨ ਦਾ ਮੌਕਾ ਦਿੱਤਾ ਤਾਂ ਨਗਰ ਨੂੰ ਤਰੱਕੀ ਵੱਲ ਲੈ ਕੇ ਜਾਵਾਂਗਾ, ਵੱਖ ਵੱਖ ਥਾਵਾਂ ਤੇ ਨਗਰ ਨਿਵਾਸੀਆਂ ਵੱਲੋਂ ਵੀ ਉਮੀਦਵਾਰ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਦੇ ਨਾਲ ਖੜ੍ਹਨ ਦਾ ਭਰੋਸਾ ਦਿਵਾਇਆ।

# ਸ਼ਹਿਰ ਤੇ ਛਾਉਣੀ ਅੰਦਰ ਚੱਲ ਰਹੇ ਨਜਾਇਜ਼ ਲਾਟਰੀ ਦੇ ਸਟਾਲਾਂ ਨੂੰ ਚੁਕਾਉਣ ਲਈ ਕਰਾਂਗੇ ਕਾਰਵਾਈ—ਮਿੰਕੂ ਚੌਧਰੀ



ਫ਼ਿਰੋਜ਼ਪੁਰ, 10 ਅਕਤੂਬਰ (ਮਨੋਹਰ ਲਾਲ) :— ਲਾਇਰੀਆਂ ਦੇ ਚੱਲ ਰਹੇ ਨਜਾਇਜ਼ ਅੱਡਿਆਂ ਕਰਕੇ ਆਮ ਲੋਕਾਂ ਦੀ ਹੋ ਰਹੀ ਅੰਨੀ ਲੁੱਟ ਨੂੰ ਬੰਦ ਕਰਵਾਉਣ ਲਈ ਦੋ ਦਿਨਾਂ ਦੇ ਵਿਚ—ਵਿਚ ਕਰਾਂਗੇ ਸਖਤ ਕਾਰਵਾਈ। ਇਹ ਐਲਾਨ ਸ਼ਿਵ ਪੰਜਾਬ ਵਾਈਸ ਪ੍ਰਧਾਨ ਸ੍ਰੀ ਮਿੰਕੂ ਚੌਧਰੀ ਨੇ ਕਰਦਿਆਂ ਕਿਹਾ ਕਿ ਫ਼ਿਰੋਜ਼ਪੁਰ ਸ਼ਹਿਰ ਅਤੇ ਛਾਉਣੀ ਵਿਚ ਗੈਰ ਕਾਨੂੰਨੀ ਢੰਗ ਨਾਲ ਚੱਲ ਰਹੇ ਲਾਟਰੀਆਂ ਦੇ ਸਟਾਲ ਸ਼ਰੇਆਮ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਸਮੇਤ ਸਰਕਾਰ ਦੀ ਮਿਲੀਭੁਗਤ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਇਕ ਪਾਸੇ ਤਾਂ ਪੁਲਿਸ ਗੈਰ ਕਾਨੂੰਨੀ ਅਨਸਰਾਂ ਦੇ ਖਿਲਾਫ ਵੱਡੇ—ਵੱਡੇ ਦਾਅਵੇ ਕਰ ਰਹੀ ਹੈ, ਪਰ ਦੂਜੇ ਪਾਸੇ ਇਹ ਗੈਰ ਕਾਨੂੰਨ ਲਾਟਰੀ ਸਟਾਲ ਚਲਾਉਣ ਵਾਲਾ ਮਾਫੀਆ ਫ਼ਿਰੋਜ਼ਪੁਰ ਪੁਲਿਸ ਨੂੰ ਸ਼ਰੇਆਮ ਚੈਲੰਜ ਕਰ ਰਿਹਾ ਹੈ, ਜਿਸ ਨਾਲ ਕਾਨੂੰਨ ਦੀਆਂ ਧੱਜੀਆਂ ਉਡ ਰਹੀਆਂ ਹਨ। ਇਸ ਮੌਕੇ ਬੋਲਦਿਆਂ ਸ੍ਰੀ ਮਿੰਕੂ ਚੌਧਰੀ ਨੇ ਕਿਹਾ ਕਿ ਜੇਕਰ ਪੁਲਿਸ ਪ੍ਰਸ਼ਾਸਨ ਨੇ ਦੋ ਦਿਨਾਂ ਦੇ ਅੰਦਰ—ਅੰਦਰ ਇਨ੍ਹਾਂ ਸਟਾਲਾਂ ਨੂੰ ਬੰਦ ਨਾ ਕਰਵਾਇਆ ਤਾਂ ਸ਼ਿਵ ਸੈਨਾ ਇਨ੍ਹਾਂ ਸਟਾਲਾਂ ਮੂਹਰੇ ਧਰਨੇ—ਪ੍ਰਦਰਸ਼ਨ ਕਰਨ ਲਈ ਮਜ਼ਬੂਰ ਹੋਵੇਗਾ ਅਤੇ ਇਸ ਤੋਂ ਨਿਕਲਣ ਵਾਲੇ ਨਤੀਜਿਆਂ ਦੀ ਜਿੰਮੇਵਾਰੀ ਸਿਵਲ ਤੇ ਪੁਲਿਸ ਪ੍ਰਸ਼ਾਸਨ ਦੀ ਹੋਵੇਗੀ।

# ਬਸੰਤ ਕੁਮਾਰ ਕਾਂਝਲਾ ਜਰਨਲ ਸਰਪੰਚੀ ਲਈ ਚੋਣ ਮੈਦਾਨ ਵਿੱਚ ਨਿਤਰੇ, ਪਿੰਡ ਦੀ ਨੁਹਾਰ ਬਦਲਣ ਲਈ ਦਿਨ ਰਾਤ ਕਰਾਂਗੇ ਕੰਮ: ਬਸੰਤ ਕੁਮਾਰ ਕਾਂਝਲਾ



**ਧੂਰੀ, (ਰਣਜੀਤ ਸਿੰਘ ਪੇਧਨੀ )**-ਪਿੰਡ ਕਾਂਝਲਾ ਦੀ ਸਰਪੰਚ ਦੀ ਚੋਣ ਲਈ ਜਰਨਲ ਸੀਟ ਤੋਂ ਪੜੇ ਲਿਖੇ ਅਤੇ ਸਰਬ ਸਾਂਝੇ ਉਮੀਦਵਾਰ ਬਸੰਤ ਕੁਮਾਰ ਕਾਂਝਲਾ ਨੇ ਸਰਪੰਚੀ ਦੀ ਚੋਣ ਲੜਨ ਦਾ ਐਲਾਨ ਕੀਤਾ ਹੈ। ਉਨਾਂ ਆਪਣੇ ਕਾਗਜ਼ ਦਾਖਲ ਕਰਨ ਉਪਰੰਤ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਹੈ ਕਿ ਪਿੰਡ ਦੇ ਸੂਝਵਾਨ ਵੋਟਰਾਂ ਦੇ ਸਹਿਜੋਗ ਨਾਲ ਉਹ ਪਿੰਡ ਦੀ ਕਾਇਆ ਕਲਪ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ ਕਿਉਂਕਿ ਅਜੇ ਵੀ ਨਗਰ ਅੰਦਰ ਬਹੁਤ ਸਾਰੇ ਕਾਰਜਾਂ ਨੂੰ ਨੇਪਰੇ ਚਾੜਨ ਦੀ ਜਰੂਰਤ ਹੈ। ਉਹਨਾਂ ਕਿਹਾ ਕਿ ਪਿੰਡ ਵਿੱਚ ਸ਼ਾਨਦਾਰ ਪਾਰਕ, ਨੌਜਵਾਨ ਪੀੜੀ ਨੂੰ ਨਸ਼ਿਆਂ ਤੋਂ ਦੂਰ ਕਰਨ ਲਈ ਵਿਸ਼ੇਸ਼ ਪ੍ਰੋਗਰਾਮ, ਲੋੜਵੰਦ ਪਰਿਵਾਰਾਂ ਨੂੰ ਸਰਕਾਰ ਦੀਆਂ ਬਿਨਾਂ ਕਿਸੇ ਪੱਖਪਾਤ ਤੋਂ ਵਿਸ਼ੇਸ਼ ਸਹੂਲਤਾਂ ਦੇਣਾ, ਖੇਡਾਂ ਅਤੇ ਵਿਦਿਅਕ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਦਾ ਮਾਨ ਸਨਮਾਨ ਤੋਂ ਇਲਾਵਾ ਰਹਿੰਦੇ ਵਿਕਾਸ ਕਾਰਜਾਂ ਨੂੰ ਨੇਪਰੇ ਚਾੜਨਾ ਉਹਨਾਂ ਦਾ ਮੁੱਖ ਮਕਸਦ ਹੋਵੇਗਾ। ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਵੱਲੋਂ ਉਨਾਂ ਨੂੰ ਪੂਰਨ ਸਹਿਯੋਗ ਦਿੱਤਾ ਜਾ ਰਿਹਾ ਹੈ ਅਤੇ ਉਹ ਖੁਦ ਅਤੇ ਉਨਾਂ ਦੇ ਸਪੋਰਟਰ ਲਗਾਤਾਰ ਵੱਖ ਵੱਖ ਵਾਰਡਾਂ ਅੰਦਰ ਵੋਟਰਾਂ ਤੱਕ ਪਹੁੰਚ ਕਰ ਰਹੇ ਹਨ।

# ਲੰਮੇ ਸਮੇਂ ਤੋਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਬਦਲੇ ਗੁਰੂ ਘਰ ਦੀ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਵੱਲੋਂ ਰਾਜਾ ਕੰਗ ਦਾ ਵਿਸ਼ੇਸ਼ ਸਨਮਾਨ



ਲੈਸਟਰ (ਇੰਗਲੈਂਡ),10 ਅਕਤੂਬਰ (ਸੁਖਜਿੰਦਰ ਸਿੰਘ ਢੱਡੇ)-ਲਗਾਤਾਰ 6 ਸਾਲ ਇੰਗਲੈਂਡ ਦੇ ਸ਼ਹਿਰ ਲੈਸਟਰ ਦੇ ਗੁਰਦੁਆਰਾ ਸ੍ਰੀ ਗੁਰੂ ਤੇਗਬਹਾਦਰ ਸਾਹਿਬ ਜੀ ਈਸਟ ਪਾਰਕ ਰੋਡ ਦੇ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵਜੋਂ ਸੇਵਾਵਾਂ ਨਿਭਾ ਚੁੱਕੇ ਨੌਜਵਾਨ ਧਾਰਮਿਕ ਆਗੂ ਸ ਰਾਜ ਮਨਵਿੰਦਰ ਸਿੰਘ ਰਾਜਾ ਕੰਗ ਵੱਲੋਂ ਲੰਮੇ ਸਮੇਂ ਤੋਂ ਨਿਭਾਈਆਂ ਜਾ ਰਹੀਆਂ ਧਾਰਮਿਕ ਹੋਰ ਸੇਵਾਵਾਂ ਬਦਲੇ ਲੈਸਟਰ ਦੀ ਸੰਗਤ ਅਤੇ ਗੁਰਦਵਾਰਾ ਸ਼੍ਰੀ ਗੁਰੂ ਤੇਗਬਹਾਦਰ ਸਾਹਿਬ ਦੀ ਨਵੀਂ ਚੁਣੀ ਗਈ ਪ੍ਰਬੰਧਕ ਕਮੇਟੀ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਤੇ ਗੁਰੂ ਘਰ ਦੇ ਹੈੱਡ ਗ੍ਰੰਥੀ ਭਾਈ ਮਲੂਕ ਸਿੰਘ, ਹਜ਼ੂਰੀ ਰਾਗੀ ਭਾਈ ਜਸਵਿੰਦਰ ਸਿੰਘ, ਪ੍ਰਧਾਨ ਗੁਰਨਾਮ ਸਿੰਘ ਨਵਾਂ ਸ਼ਹਿਰ, ਜਰਨਲ ਸਕੱਤਰ ਸਤਵਿੰਦਰ ਸਿੰਘ ਦਿਓਉ, ਸਟੇਜ ਸਕੱਤਰ ਮੁਖਤਿਆਰ ਸਿੰਘ,ਤੀਰ ਗਰੁੱਪ ਦੇ ਚੇਅਰਮੈਨ ਬਰਿੰਦਰ ਸਿੰਘ ਬਿੱਟੂ, ਗੁਰਨਾਮ ਸਿੰਘ ਰੂਪੋਵਾਲ, ਕੁਲਦੀਪ ਸਿੰਘ ਚਹੇੜੂ, ਪ੍ਰਮਜੀਤ ਸਿੰਘ ਰਾਏ, ਸਮੇਤ ਹੋਰ ਬਹੁਤ ਸਾਰੇ ਆਗੂਆਂ ਨੇ ਸ ਰਾਜ ਮਨਵਿੰਦਰ ਸਿੰਘ ਰਾਜਾ ਕੰਗ ਨੂੰ ਸ੍ਰੀ ਸਾਹਿਬ ਅਤੇ ਸਿਰੋਪਾਓ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਜ਼ਿਕਰਯੋਗ ਹੈ ਕਿ ਸ ਰਾਜ ਮਨਵਿੰਦਰ ਸਿੰਘ ਰਾਜਾ ਕੰਗ ਦੀ ਅਗਵਾਈ ਚ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਘਰ ਦੀ ਇਮਾਰਤ ਦਾ ਨਵੀਨੀਕਰਨ ਕੀਤਾ ਗਿਆ, ਜਿਸ ਵਿੱਚ ਇਮਾਰਤ ਦੇ ਵੱਖ-ਵੱਖ ਹਿੱਸਿਆਂ ਨੂੰ ਵਿਆਪਕ ਪੱਧਰ ’ਤੇ ਅੱਪਗ੍ਰੇਡ ਕੀਤਾ ਗਿਆ। ਨਵੇਂ ਲੰਗਰ ਹਾਲ ਦਾ ਨਿਰਮਾਣ ਕੀਤਾ ਗਿਆ , ਔਰਤਾਂ ਲਈ ਨਵੇਂ ਪਖਾਨੇ ਬਣਾਏ ਗਏ,ਇੱਕ ਆਧੁਨਿਕ ਰਸੋਈ, ਬਜ਼ੁਰਗਾਂ ਦੀ ਸਹੂਲਤ ਲਈ ਨਵੀਂ ਲਿਫਟ ਅਤੇ ਕਈ ਹੋਰ ਮਹੱਤਵਪੂਰਨ ਪ੍ਰੋਜੈਕਟ ਮੁਕੰਮਲ ਕੀਤੇ ਗਏ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243